SWITCH INSURANCE
AUTO, HOME & COMMERCIAL
Auto&Home Insurance
Commercial Vehicle Insurance
Commercial Property Insurance
Commercial General Liability (CGL)
Rental Property
Call:905-965-7474
7900 Hurontario St., Suite 308, Brampton, ON, L6Y 0P6
https://www.switchinsurance.ca

ਕੈਨੇਡੀਅਨ
# ਪੰਜਾਬੀ ਪੋਸਟ
Award winning news paper | Canadian Punjabi Post

JOSHI LAW OFFICE
Barrister, Solicitor & Notary Public
Immigration
Real Estate
Commercial Law
Affidavit
Power of Attorney
Rakesh M. Joshi B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON

To view our online newspaper visit punjabipost.ca/epaper | Vol 22* Issue 147 | Wednesday, August 02, 2023 | Tel: 905-793-2202 | Fax: 905-793-2282 | news@punjabipost.ca ਤੁਸੀਂ 'ਪੰਜਾਬੀ ਪੋਸਟ' Onlineਰੋਜ਼ਾਨਾ ਪੜ੍ਹ ਸਕਦੇ ਹੋ

# ਪੌਲੀਏਵਰ ਨੇ ਭਾਜੀ ਮੋੜੀ, ਟਰੂਡੋ ਨੂੰ ਅੱਜ ਦੇ ਹਾਲਾਤ ਲਈ ਜ਼ਿੰਮੇਵਾਰੀ ਲੈਣ ਵਾਸਤੇ ਆਖਿਆ

ਓਟਵਾ, 1 ਅਗਸਤ (ਪੋਸਟ ਬਿਊਰੋ) : ਕੰਜ਼ਰਵੇਟਿਵ ਆਗੂ ਪਿਏਰ ਪੌਲੀਏਵਰ ਨੇ ਪ੍ਰਧਾਨ ਮੰਤਰੀ ਜਸਟਿਨ ਟਰੂਡੋ ਉੱਤੇ ਪਲਟਵਾਰ ਕਰਦਿਆਂ ਆਖਿਆ ਕਿ ਜੇ ਉਨ੍ਹਾਂ ਨੂੰ ਲੱਗਦਾ ਹੈ ਕਿ ਉਨ੍ਹਾਂ ਦੀ ਪਹੁੰਚ ਹਰ ਗੱਲ ਲਈ ਕਟੌਤੀਆਂ ਤੇ ਗੁੱਸੇ ਵਾਲੀ ਹੈ ਤਾਂ ਟਰੂਡੋ ਕੈਨੇਡੀਅਨਜ਼ ਦੇ ਗੁੱਸੇ ਲਈ ਜ਼ਿੰਮੇਵਾਰੀ ਲੈਣ।



ਮੰਗਲਵਾਰ ਨੂੰ ਓਟਵਾ ਵਿੱਚ ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਪੌਲੀਏਵਰ ਨੇ ਆਖਿਆ ਕਿ ਅੱਠ ਸਾਲਾਂ ਬਾਅਦ ਘਰਾਂ ਦੀਆਂ ਕੀਮਤਾਂ ਦੁੱਗਣੀਆਂ ਹੋ ਚੁੱਕੀਆਂ ਹਨ, ਰਹਿਣੀ ਸਹਿਣੀ ਦੀਆਂ ਕੀਮਤਾਂ ਦੁੱਗਣੀਆਂ ਹੋ ਗਈਆਂ ਹਨ, ਸਾਡੀਆਂ ਸੜਕਾਂ ਉੱਤੇ ਜੁਰਮ, ਅਵਿਵਸਥਾ ਤੇ ਨਸ਼ੇ ਫੈਲੇ ਹੋਏ ਹਨ। ਹੁਣ ਟਰੂਡੋ ਨੂੰ ਇਹ ਲੱਗਦਾ ਹੈ ਕਿ ਅੱਜ ਕੈਨੇਡਾ ਵਿੱਚ ਸੱਭ ਤੋਂ ਵੱਡੀ ਸਮੱਸਿਆ ਇਹ ਹੈ ਕਿ ਲੋਕ ਉਨ੍ਹਾਂ ਨਾਲ ਗੁੱਸੇ ਹਨ ਪਰ ਦਿੱਕਤ ਇਹ ਹੈ ਕਿ ਲੋਕ ਆਪਣਾ ਕਿਰਾਇਆ ਤੱਕ ਨਹੀਂ ਦੇ ਪਾ ਰਹੇ।

ਜ਼ਿਕਰਯੋਗ ਹੈ ਕਿ ਹੈਮਿਲਟਨ ਵਿੱਚ ਇੱਕ ਹਾਊਸਿੰਗ ਈਵੈਂਟ ਨੂੰ ਸੰਬੋਧਨ ਕਰਦਿਆਂ ਟਰੂਡੋ ਨੇ ਇਹ ਆਖਿਆ ਸੀ ਕਿ ਕੰਜ਼ਰਵੇਟਿਵ ਆਗੂ ਪਿਏਰ ਪੌਲੀਏਵਰ ਦਾ ਹਰ ਜਵਾਬ ਕਟੌਤੀਆਂ ਹੁੰਦਾ ਹੈ ਤੇ ਉਹ ਗੁੱਸੇ ਵਿੱਚ ਹੀ ਰਹਿੰਦੇ ਹਨ ਤੇ ਕੈਨੇਡਾ ਇਹੋ ਜਿਹਾ ਨਹੀਂ ਹੈ। ਉਨ੍ਹਾਂ ਇਹ ਦੋਸ਼ ਵੀ ਲਾਇਆ ਕਿ ਪੌਲੀਏਵਰ ਵਰਗੇ ਆਗੂ ਲੋਕਾਂ ਵਿੱਚ ਗੁੱਸਾ ਭਰ ਰਹੇ ਹਨ ਪਰ ਕੈਨੇਡੀਅਨਜ਼ ਮਿਹਨਤਕਸ ਹਨ ਤੇ ਆਪਣਾ ਭਵਿੱਖ ਸੰਵਾਰਨਾਂ ਜਾਣਦੇ ਹਨ। ਉਹ ਇਹ ਨਹੀਂ ਆਖਦੇ ਫਿਰਦੇ ਕਿ ਉਹ ਹੁਣ ਸੱਭ ਖ਼ਤਮ ਹੋ ਗਿਆ ਹੈ ਤੇ ਅਜਿਹਾ ਕਰਕੇ ਉਹ ਘਰਾਂ ਵਿੱਚ ਵਿਹਲੇ ਨਹੀਂ ਬੈਠਦੇ। ਕੈਨੇਡੀਅਨਜ਼ ਅਜਿਹੇ ਨਹੀਂ ਹਨ।

ਮੰਗਲਵਾਰ ਨੂੰ ਭਾਜੀ ਮੋੜਦਿਆਂ ਪੌਲੀਏਵਰ ਨੇ ਆਖਿਆ ਕਿ ਉਨ੍ਹਾਂ ਨੂੰ ਨਹੀਂ ਪਤਾ ਕਿ ਟਰੂਡੋ ਦੇ ਜਜ਼ਬਾਤਾਂ ਨੂੰ ਠੇਸ ਪਹੁੰਚੀ ਹੈ ਕਿਉਂਕਿ ਇਹ ਤਾਂ ਸੱਚ ਹੈ ਕਿ ਕੈਨੇਡੀਅਨਜ਼ ਉਨ੍ਹਾਂ ਤੋਂ ਗੁੱਸਾ ਹਨ।ਪੌਲੀਏਵਰ ਨੇ ਆਖਿਆ ਕਿ ਹੈਰਾਨੀ ਵਾਲੀ ਗੱਲ ਇਹ ਹੈ ਕਿ ਟਰੂਡੋ ਨੇ ਕੈਨੇਡਾ ਦੇ ਇਤਿਹਾਸ ਦੇ ਸੱਭ ਤੋਂ ਖਰਾਬ ਇਮੀਗ੍ਰੇਸ਼ਨ ਮੰਤਰੀ ਨੂੰ ਹੁਣ ਹਾਊਸਿੰਗ ਮੰਤਰੀ ਬਣਾ ਦਿੱਤਾ ਹੈ। ਪਰ ਜਦੋਂ ਪੌਲੀਏਵਰ ਤੋਂ ਇਹ ਪੁੱਛਿਆ ਗਿਆ ਕਿ ਜੇ ਉਹ ਪ੍ਰਧਾਨ ਮੰਤਰੀ ਹੁੰਦੇ ਤਾਂ ਉਨ੍ਹਾਂ ਦੇ ਇਮੀਗ੍ਰੇਸ਼ਨ ਟੀਚੇ ਕੀ ਹੁੰਦੇ ਤਾਂ ਉਹ ਸਵਾਲ ਦਾ ਜਵਾਬ ਦੇਣ ਤੋਂ ਟਾਲਾ ਵੱਟ ਗਏ।

ਪੌਲੀਏਵਰ ਨੇ ਆਖਿਆ ਕਿ ਕੱਲ੍ਹ ਟਰੂਡੋ ਨੇ ਪ੍ਰੈੱਸ ਕਾਨਫਰੰਸ ਕਰਕੇ ਲੋਕਾਂ ਨੂੰ ਇਹ ਦੱਸਣ ਦੀ ਕੋਸ਼ਿਸ਼ ਕੀਤੀ ਕਿ ਹਾਊਸਿੰਗ ਲਈ ਉਹ ਜ਼ਿੰਮੇਵਾਰ ਨਹੀਂ ਹਨ। ਇਹ ਤਾਂ ਬੜੀ ਹਾਸੋਹੀਣੀ ਗੱਲ ਲੱਗੀ ਕਿਉਂਕਿ ਅੱਠ ਸਾਲ ਪਹਿਲਾਂ ਉਨ੍ਹਾਂ ਨੇ ਵਾਅਦਾ ਕੀਤਾ ਸੀ ਕਿ ਹਾਊਸਿੰਗ ਦੀਆਂ ਕੀਮਤਾਂ ਘਟਾ ਕੇ ਹਟਣਗੇ। ਇਹ ਵੀ ਹੈਰਾਨੀ ਵਾਲੀ ਗੱਲ ਹੈ ਕਿ ਕੈਨੇਡਾ ਵਿੱਚ ਸੱਭ ਤੋਂ ਵੱਡੀ ਹਾਊਸਿੰਗ ਏਜੰਸੀ ਹੀ ਫੈਡਰਲ ਹੈ। ਮਾਰਗੇਜ ਇੰਸ਼ੋਰੈਂਸ : ਫੈਡਰਲ, ਟੈਕਸ,ਫਿਸਕਲ ਤੇ ਮਾਨੇਟਰੀ ਪਾਲਿਸੀ : ਫੈਡਰਲ, ਸੱਭ ਫੈਡਰਲ ਹੈ ਤੇ ਅਜੇ ਵੀ ਫੈਡਰਲ ਪ੍ਰਧਾਨ ਮੰਤਰੀ ਇਹ ਦਾਅਵਾ ਕਰ ਰਹੇ ਹਨ ਕਿ ਉਨ੍ਹਾਂ ਦਾ ਇਸ ਨਾਲ ਕੋਈ ਲੈਣਾ ਦੇਣਾ ਨਹੀਂ ਹੈ।

# ਰਾਸ਼ਟਰਪਤੀ ਚੋਣਾਂ ਦੇ ਨਤੀਜੇ ਪਲਟਾਉਣ ਲਈ ਟਰੰਪ ਨੂੰ ਦਿੱਤਾ ਗਿਆ ਦੋਸ਼ੀ ਕਰਾਰ




ਵਾਸ਼ਿੰਗਟਨ, 1 ਅਗਸਤ (ਪੋਸਟ ਬਿਊਰੋ) : ਮੰਗਲਵਾਰ ਨੂੰ ਅਮਰੀਕਾ ਦੇ ਸਾਬਕਾ ਰਾਸ਼ਟਰਪਤੀ ਡੌਨਲਡ ਟਰੰਪ ਨੂੰ 2020 ਵਿੱਚ ਹੋਈਆਂ ਚੋਣਾਂ ਦੇ ਨਤੀਜਿਆਂ ਨੂੰ ਬਦਲਣ ਲਈ ਯੂਐਸ ਕੈਪੀਟਲ ਉੱਤੇ ਆਪਣੇ ਸਮਰਥਕਾਂ ਰਾਹੀਂ ਹਿੰਸਾ ਕਰਵਾਉਣ ਦੇ ਮਾਮਲੇ ਵਿੱਚ ਦੋਸ਼ੀ ਕਰਾਰ ਦਿੱਤਾ ਗਿਆ ਹੈ।ਜਸਟਿਸ ਡਿਪਾਰਟਮੈਂਟ ਵੱਲੋਂ ਰਾਸ਼ਟਰਪਤੀ ਦੀਆਂ ਸ਼ਕਤੀਆਂ ਨੂੰ ਸ਼ਾਂਤਮਈ ਢੰਗ ਨਾਲ ਤਬਦੀਲ ਕਰਨ ਦੇ ਰਾਹ ਵਿੱਚ ਅੜਿੱਕਾ ਡਾਹੁਣ ਤੇ ਅਮਰੀਕਾ ਦੀ ਜਮਹੂਰੀਅਤ ਨੂੰ ਖਤਰਾ ਪੈਦਾ ਕਰਨ ਲਈ ਇਸ ਤਰ੍ਹਾਂ ਦੇ ਮੁਜਰਮਾਨਾਂ ਢੰਗ ਦਾ ਸਹਾਰਾ ਲੈਣ ਵਾਸਤੇ ਟਰੰਪ ਨੂੰ ਦੋਸ਼ੀ ਐਲਾਨਿਆ ਗਿਆ ਹੈ।

ਟਰੰਪ ਖਿਲਾਫ ਇਹ ਤੀਜਾ ਮੁਜਰਮਾਨਾਂ ਮਾਮਲਾ ਸੀ, ਜਿਸ ਦੀ ਫੈਡਰਲ ਜਾਂਚ ਤੇ ਜਨਤਕ ਸੁਣਵਾਈ ਪਹਿਲਾਂ ਹੀ ਚੱਲ ਰਹੀ ਸੀ।ਜ਼ਿਕਰਯੋਗ ਹੈ ਕਿ ਚੋਣਾਂ ਦੇ ਨਤੀਜਿਆਂ ਬਾਰੇ ਟਰੰਪ ਵੱਲੋਂ ਝੂਠ ਬੋਲਿਆ ਗਿਆ ਤੇ ਉਸ ਸਮੇਂ ਵੀ ਉਨ੍ਹਾਂ ਕੁੱਝ ਨਹੀਂ ਆਖਿਆ ਜਦੋਂ ਉਨ੍ਹਾਂ ਦੇ ਸਮਰਥਕ ਕੈਪੀਟਲ ਵੱਲ ਪੂਰੀ ਤੈਸ਼ ਵਿੱਚ ਆ ਕੇ ਵਧਣ ਲੱਗੇ। ਟਰੰਪ ਉੱਤੇ ਇਹ ਵੀ ਦੋਸ਼ ਹੈ ਕਿ ਉਨ੍ਹਾਂ ਸੱਭ ਕੁੱਝ ਜਾਣਦਿਆਂ ਹੋਇਆਂ ਵੀ ਹਿੰਸਾ ਰੋਕਣ ਦੀ ਕੋਸ਼ਿਸ਼ ਨਹੀਂ ਕੀਤੀ ਤੇ ਸਗੋਂ ਜਦੋਂ ਉਨ੍ਹਾਂ ਨੂੰ ਆਪਣੀ ਹਾਰ ਨਜ਼ਰ ਆਉਣ ਲੱਗੀ ਤਾਂ ਉਨ੍ਹਾਂ ਵੋਟਾਂ ਦੀ ਗਿਣਤੀ ਨੂੰ ਰੋਕਣ ਲਈ ਆਪਣੇ ਸਮਰਥਕਾਂ ਦੀਆਂ ਭਾਵਨਾਂਵਾਂ ਨੂੰ ਹੋਰ ਭੜਕਾਇਆ। ...ਬਾਕੀ ਪੰਨਾ 3 'ਤੇ

# ਕੈਨੇਡਾ ਲਈ ਇਮੀਗ੍ਰੇਸ਼ਨ ਵਾਸਤੇ ਸਰਕਾਰ ਨੇ ਖੋਲ੍ਹੇ ਨਵੇਂ ਰਾਹ

ਓਟਵਾ, 1 ਅਗਸਤ (ਪੋਸਟ ਬਿਊਰੋ) : ਖਾਸ ਕਿਸਮ ਦੇ ਕੰਮਾਕਾਰਾਂ ਦਾ ਤਜਰਬਾ ਰੱਖਣ ਵਾਲੇ ਲੋਕਾਂ ਨੂੰ ਕੈਨੇਡਾ ਦੇ ਨਵੇਂ ਐਕਸਪ੍ਰੈੱਸ ਐਂਟਰੀ ਸਿਸਟਮ ਰਾਹੀਂ ਅਪਲਾਈ ਕਰਨ ਦਾ ਸੱਦਾ ਦਿੱਤਾ ਜਾ ਰਿਹਾ ਹੈ।

ਮੰਗਲਵਾਰ ਨੂੰ ਜਾਰੀ ਕੀਤੇ ਇੱਕ ਬਿਆਨ ਵਿੱਚ ਇਮੀਗ੍ਰੇਸ਼ਨ, ਰਫਿਊਜੀਜ਼ ਐਂਡ ਸਿਟੀਜ਼ਨਸ਼ਿਪ ਕੈਨੇਡਾ ਨੇ ਐਲਾਨ ਕੀਤਾ ਕਿ ਉਨ੍ਹਾਂ ਵੱਲੋਂ ਕਾਰਪੈਂਟਰੀ, ਪਲੰਬਿੰਗ ਤੇ ਵੈਲਡਿੰਗ ਵਿੱਚ ਮੁਹਾਰਤ ਰੱਖਣ ਵਾਲੇ ਹੁਨਰਮੰਦ ਵਰਕਰਜ਼ ਲਈ ਇਮੀਗ੍ਰੇਸ਼ਨ ਦੇ ਰਾਹ ਖੋਲ੍ਹੇ ਜਾ ਰਹੇ ਹਨ। ਮਈ ਵਿੱਚ ਐਲਾਨੇ ਗਏ ਨਵੇਂ ਐਕਸਪ੍ਰੈੱਸ ਐਂਟਰੀ ਪ੍ਰੋਗਰਾਮ ਵਿੱਚ ਇਸ ਤੀਜੀ ਵੰਨਗੀ ਨੂੰ ਸ਼ਾਮਲ ਕੀਤਾ ਗਿਆ ਹੈ। ਇਸ ਨਾਲ ਕੈਨੇਡਾ ਨੂੰ ਲੇਬਰ ਸਬੰਧੀ ਖਾਸ ਲੋੜਾਂ ਪੂਰੀਆਂ ਕਰਨ ਦੀ ਖੁੱਲ੍ਹ ਮਿਲੇਗੀ।ਇੱਥੇ ਦੱਸਣਾ ਬਣਦਾ ਹੈ ਕਿ ਇੱਥੇ ਇਨ੍ਹਾਂ ਸੈਕਟਰਜ਼ ਵਿੱਚ ਕਈ ਕਿਸਮ ਦੀ ਲੇਬਰ ਸਬੰਧੀ ਘਾਟ ਪਾਈ ਜਾ ਰਹੀ ਹੈ।

ਇੱਕ ਪ੍ਰੈੱਸ ਰਲੀਜ਼ ਵਿੱਚ ਇਮੀਗ੍ਰੇਸ਼ਨ ਮੰਤਰੀ ਮਾਰਕ ਮਿਲਰ ਨੇ ਆਖਿਆ ਕਿ ਹੁਨਰਮੰਦ ਟਰੇਡਜ਼ ਵਰਕਰਜ਼ ਦੀ ਘਾਟ ਨੂੰ ਪੂਰਾ ਕਰਨ ਲਈ ਇਹ ਕਦਮ ਚੁੱਕਿਆ ਜਾ ਰਿਹਾ ਹੈ। ਐਕਸਪ੍ਰੈੱਸ ਐਂਟਰੀ ਸਿਸਟਮ ਤੋਂ ਪਹਿਲਾਂ ਉਮੀਦਵਾਰਾਂ ਨੂੰ ਉਮਰ, ਮੈਰੀਟਲ ਸਟੇਟਸ, ਸਿੱਖਿਆ ਦੇ ਪੱਧਰ ਤੇ ਤਜਰਬੇ ਦੇ ਬਾਵਜੂਦ ਕਈ ਹੋਰਨਾਂ ਮਾਪਦੰਡਾਂ ਦੇ ਹਿਸਾਬ ਨਾਲ ਅੰਕ ਦਿੱਤੇ ਜਾਂਦੇ ਸਨ। ਇਸ ਪ੍ਰੋਗਰਾਮ ਰਾਹੀਂ ਸਾਇੰਸ, ਤਕਨਾਲੋਜੀ, ਇੰਜੀਨੀਅਰਿੰਗ ਤੇ ਮੈਥੇਮੈਟਿਕਸ (ਸਟੈੱਮ) ਵਿੱਚ ਮੁਹਾਰਤ ਰੱਖਣ ਵਾਲਿਆਂ ਨੂੰ ਵੀ ਅਪਲਾਈ ਕਰਨ ਦਾ ਸੱਦਾ ਦਿੱਤਾ ਗਿਆ ਹੈ। ਸਰਕਾਰ ਦਾ ਕਹਿਣਾ ਹੈ ਕਿ ਇਸ ਪ੍ਰੋਗਰਾਮ ਤਹਿਤ ਹੋਰ ਵੰਨਗੀਆਂ ਸਬੰਧੀ ਐਲਾਨ ਆਉਣ ਵਾਲੇ ਹਫਤਿਆਂ ਵਿੱਚ ਕੀਤਾ ਜਾਵੇਗਾ।

ਇਸ ਸਾਲ ਬਹੁਤਾ ਧਿਆਨ ਹੇਠ ਲਿਖੀਆਂ ਵੰਨਗੀਆਂ ਵੱਲ ਦਿੱਤਾ ਜਾਵੇਗਾ :
- ਹੈਲਥ ਕੇਅਰ
- ਸਾਇੰਸ, ਤਕਨਾਲੋਜੀ, ਇੰਜੀਨੀਅਰਿੰਗ ਤੇ ਮੈਥੇਮੈਟਿਕਸ
- ਕਾਰਪੈਂਟਰੀ, ਪਲੰਬਿੰਗ ਤੇ ਕਾਂਟਰੈਕਟਿੰਗ ਵਰਗੇ ਕੰਮਾਂ
- ਟਰਾਂਸਪੋਰਟੇਸ਼ਨ
- ਖੇਤੀਬਾੜੀ ਤੇ ਐਗਰੀ-ਫੂਡ

ਇਸ ਤੋਂ ਇਲਾਵ ਇਸ ਪ੍ਰੋਗਰਾਮ ਤਹਿਤ ਫਰੈਂਚ ਭਾਸ਼ਾ ਦੀ ਚੰਗੀ ਸਮਝ ਰੱਖਣ ਵਾਲਿਆਂ ਨੂੰ ਵੀ ਸੱਦਿਆ ਜਾ ਰਿਹਾ ਹੈ।

NOW HIRING !!!
ALLKIND INSURANCE
•Life Insurance •Super Visa Insurance
•Critical illness Ins •Mortgage Insurance
•Travel & Visitor Ins •Disability Insurance
•RESP & TFSA & RRSP •Funeral Insurance
SIMRAN SAINI
416.994.7272
www.allkindinsurance.com

INSURANCE
Home, Auto, Business, Trucking, Life Insurance, Commercial
647-206-2452
Sukhwinder K Singh
CONNEX
7050A Bramalea Rd, Unit # 13, Mississauga, ON L5S 1T1

PEST PROBLEM ?
Residential & Commercial
100% Customer Satisfaction
All Pest Control
MICE, COCKROACH, BEDBUG & ALL COMMON BUGS
AFFORDABLE & RELIABLE
647.990.3205
KSG Pest Control Inc.
Residential, Commercial
www.ksgpestcontrol.ca
ksgpestcontrol@gmail.com
Amarjeet Singh Gill
Certified & Licenced Exterminator

Law Office of Aman Sharma
- Real Estate - Commercial Lease
- Business Purchase & Sale
- Notarizations & Affidavits
- Wills & Power Of Attorney
Fax: 905-913-2344 Tel: 905-913-2355
25 Cherrycrest Drive, Unit # 6
Brampton, ON, L6P 3W4
Aman Sharma
Open Saturday
Providing excellent quality legal services to our clients

Royal Pest Control
Residential Commercial Industrial
Specialist in Bedbugs Service
All Pest Control :
•Mouse & Rats •Spiders & Fleas •Bedbugs •Wasps
•Cockroaches •Carpenter Ants •Silver Fish •Racoons
Call : PARESH PATEL
(Government Approved Licensed Technician)
416 938 4598

KELLEY LAW OFFICE
Immigration, Real Estate, Family Law, Business Closing, Corporate, Wills & Estate, Power of Attorney/Affidavit /Attestations
www.kelleylawoffice.ca | info@kelleylawoffice.ca
ਇੱਥੇ ਹਰ ਤਰ੍ਹਾਂ ਦੇ ਇਮੀਗਰੇਸ਼ਨ, ਰੀਅਲ ਅਸਟੇਟ, ਬਿਜਨਸ ਲਾਅ, ਕੋਰਪੋਰੇਟ, ਫੈਮਲੀ ਲਾਅ, ਵਸੀਅਤਨਾਮੇ, ਪਾਵਰ ਆਫ ਅਟੋਰਨੀ, ਰਾਹਦਾਰੀ ਅਤੇ ਹੋਰ ਕਾਨੂੰਨੀ ਸਲਾਹ ਮਸ਼ਵਰੇ ਲਈ ਫੋਨ ਕਰੋ!
1200 Derry Road E, #15, Mississauga, ON L5T 0B3
Shinder Kelley
Barrister, Solicitor & Notary Public
905-362-0755

PROTECT YOUR HOME FROM PESTS
Pest Control
Low Rates/Excellent Pest Control Services
100% Success rate for bed bug Treatment
Free Home Inspection Call Today
Ranjit Sidhu
Certified & Licenced Exterminator
BED BUG MATTRESS COVER ALSO AVAILABLE
A-Z Pest Control Inc.
Cell: 647.668.3944 | Office: 905.455.0648
info@atozpestcontroltoronto.com | www.atozpestcontroltoronto.com

OURR HOME & APPLIANCES
Don't Miss our! TENT SALE!
Upgrade your kitchen with the sleek BLACK STAINLESS-STEEL PACKAGE for
JUST $3,199.00 at Ourr Home Appliances.
Limited stock available, so hurry and grab this amazing deal today!
UPGRADE TO 36" COOKTOP IN $0
JENNAIR CAFÉ KitchenAid Electrolux LG FRIGIDAIRE elica BOSCH Whirlpool GE MAYTAG AMANA SAMSUNG VentAHood Danby
Unit #1, 241 Clarence Street, Brampton, ON L6W 3E7, (416) 551-3343 | 44 Fasken Dr, Unit#2-9, Etobicoke, ON, M9W 5M8, (416) 792-0877 | 5781 Highway 7 Unit 10, Vaughan, ON, L4L 1T8, (416) 477-5556 | 1050 Speers Road, Oakville, ON, L6L 2X4, (416) 613-0555 | Unit #6 – 410 Lewis Road, Stoney Creek, ON, L8E 5Y7, (905) 643-0818 | Unit #4 -1540 Fanshawe Park Road West, London, ON, N6H 5L8, (519) 641-1010
416-551-5553 | www.ourrhomeappliances.com

Canada Consumer Credit Assistance ਕਰਜ਼ਾ ਰਹਿਤ ਜ਼ਿੰਦਗੀ ਜੀਓ
• ਪਾਵਰ ਆਫ ਸੇਲ ਨੋਟਿਸ ?
• ਗਾਰਨਿਸ਼ਮੈਂਟ?
• ਬੈਂਕ ਵਲੋਂ ਪੈਸੇ ਦੀ ਮੰਗ ?
• ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ ਪਾ ਕੇ ਆਪਣਾ ਕਰੈਡਿਟ ਦੁਬਾਰਾ ਬਨਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ,
ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
ਕਰਜ਼ੇ ਦੀ ਸਿਰਦਰਦੀ ?
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
Late Evening and Weekends Appointments Available 1888 864 3131
Jasbir Singh Hundal
Qualified Credit Counsellor
www.MakeMeDebtFree.ca
416-502-3100
Unit #20 - 7015 Tranmere Drive Mississauga, ON L5S 1T7

Mortgage! We Will Beat Any Rate !!!
*Each Mortgage Center Office is Independently Owned & Operated
Purchase || Refinance || Major Banks /Credit Unions || Private Lenders || Second Mortgages-Lowest 6.99 %
The Mortgage Centre
Cell: 416-841-4218 Tel: 905-216-5563
AvonFinancial Inc. Advice you can bank on.
Brokerage Lic. 12538
Harpreet Singh Goraya
Principal Broker (Lic # M12000607)
831 Bovaird Dr. West, Unit 25, Brampton, ON L6X 0T9 Fax : 905-216-0392

ਨਵਾਂ ਘਾਹ ਲਵਾਉ | 647-784-1213
www.aaalandscaping.ca
1 ਪੁਰਾਣਾ ਘਾਹ ਹਟਾਉ ਅਤੇ ਨਵਾਂ ਲਵਾਉ
2 ਏਰੀਆ ਨੂੰ ਲੇਵਲ ਕਰਨਾ ਅਤੇ ਮਿੱਟੀ ਰਲਾਉਣੀ
3 ਨਵਾਂ ਘਾਹ ਲਵਾਉ
4 ਆਪਣੇ ਨਵੇਂ ਅਤੇ ਸੋਹਣੇ ਘਾਹ ਨੂੰ ਦੇਖੋ

Allstate. You're in good hands.
Insurance
Trademark used under licence by Allstate Insurance Company. 232374 | 6-23
Shawn Budwal
Allstate Sales Agent
Waterdown Agency
94 Dundas Street East, Unit 3
289-678-4024
sbudwal@allstate.ca

SUPER VISA INSURANCE EXPERTS
Punjab Insurance Inc
Disability Insurance
Mortgage Insurance
Life Insurance
Visitor & Travel Insurance
RESP(Education Plan)
Critical Illness Insurance
RANJIT GILL
Insurance Advisor
Ph: 416.724.5000
7003 Steeles Ave. W, Unit 10, Etobicoke, ON, M9W 0A2
gill@punjabinsurance.ca topinsuranceservices.ca

AUTO & HOME INSURANCE
Super visa Insurance
Life & Disability
Critical illness
RESP
Visitor & Travel insurance
(416-845-1352)
Manwinder Mangat
Broker
Aaxel InsuranceBrokers Ltd.
1332 Khalsa Dr, Unit # 11, Mississauga, ON L5S 0A2

HELPING YOU PLAN TODAY...FOR TOMORROW
• Supervisa / Visitor Insurance
• Life /Mortgage/Funeral Insurance
• Disability Insurance
• Critical Illness Insurance
• RESP /RRSP
www.ufsinsurance.com
JATINDERBIR S BAJWA
Insurance Broker
Dir:647-928-4990
# 25-831 Bovarid Dr. W. Brampton, ON L6X0T9 | www.ufsinsurance.com

CN Forklift Training Center
Counterbalance All Types | Walkie pallet Low Lift | Electric Motor Narrow Aisle Reach | Cherry Order Picker
License $69 Toll Free: 1 855 230 0001
7033 Telford Way, Unit #4, Mississauga, ON L5S 1V4
When You Need Re certified License & Training First Call to us
Cell: 416 726 6206 Tel: 905 405 0001
NC Dhawan
Certified Instructor

MANN LAW FIRM
• Real Estate Law • Business Law
• Wills & Estates • Family Law
• Power of Attorney • Civil Litigation
• Affidavits Notarization / Declaration
Maninder S. Mann B.A. (Hons.), LLB
BARRISTER SOLICITOR NOTARY
Address: 2130 North Park Dr. Suite 246 Brampton, ON L6S 0C9
T: 905 799 9333
www.mannlawfirm.ca

# ਬਰੈਂਪਟਨ ਵਿਚ ਜੀਟੀ-20 ਕ੍ਰਿਕਟ ਦੇ ਬੁਖਾਰ ਨੇ ਜ਼ੋਰ ਫੜ੍ਹਿਆ

## ਭਲਕੇ ਮਿਸੀਸਾਗਾ ਦਾ ਮੁਕਾਬਲਾ ਸਰੀ ਨਾਲ ਅਤੇ ਟੋਰਾਂਟੋ ਦਾ ਮੁਕਾਬਲਾ ਵੈਨਕੂਵਰ ਨਾਲ ਹੋਵੇਗਾ











### ਪ੍ਰੀਮੀਅਰ ਡੱਗ ਫੋਰਡ ਨੇ ਵੀ ਘੁੰਮਾਇਆ ਬੱਲਾ



ਬਰੈਂਪਟਨ ਵਿੱਚ ਜੀਟੀ-20 ਕ੍ਰਿਕਟ ਦਾ ਬੁਖਾਰ ਜ਼ੋਰ ਫੜ੍ਹ ਰਿਹਾ ਹੈ। ਹਰ ਮੈਚ ਦੇ ਨਾਲ ਸਥਾਨਕ ਟੀਮਾਂ ਦਾ ਸਮਰਥਨ ਵਧ ਰਿਹਾ ਹੈ। ਅੱਜ ਓਨਟਾਰੀਓ ਦੇ ਪ੍ਰੀਮੀਅਰ ਡੱਗ ਫੋਰਡ ਅਤੇ ਉਨ੍ਹਾਂ ਦੇ ਨਾਲ ਬਰੈਂਪਟਨ ਦੇ ਮੇਅਰ ਪੈਟਰਿਕ ਬ੍ਰਾਊਨ, ਐਮਪੀਪੀ ਹਰਦੀਪ ਗਰੇਵਾਲ, ਐਮਪੀਪੀ ਅਮਰਜੋਤ ਸੰਧੂ, ਐਮਪੀਪੀ ਪ੍ਰਭਮੀਤ ਸਰਕਾਰੀਆ ਅਤੇ ਐਮਪੀਪੀ ਦੀਪਕ ਆਨੰਦ ਦੇ ਨਾਲ-ਨਾਲ ਬਰੈਂਪਟਨ ਕੌਂਸਲ ਦੇ ਮੈਂਬਰ ਅਤੇ ਬਰੈਂਪਟਨ ਦੀਆਂ ਹੋਰ ਨਾਮਵਰ ਸ਼ਖਸੀਅਤਾਂ, ਅਤੇ ਕਾਰੋਬਾਰੀਆਂ ਨੇ ਸ਼ਿਰਕਤ ਕੀਤੀ। ਅੱਜ ਖੇਡੇ ਗਏ ਮੈਚਾਂ ਵਿਚ ਸਰੀ ਅਤੇ ਵੈਨਕੂਵਰ ਦੀਆਂ ਟੀਮਾਂ ਨੇ ਬਾਜ਼ੀ ਮਾਰੀ। ਪਾਕਿਸਤਾਨ ਦੇ ਸਟਾਰ ਖਿਡਾਰੀ ਮੁਹੰਮਦ ਰਿਜ਼ਵਾਨ ਅਤੇ ਵੈਸਟ ਇੰਡੀਜ਼ ਦੇ ਐਂਡਰੇ ਰਸਲ ਨੂੰ ਦੇਖਣ ਲਈ ਕ੍ਰਿਕਟ ਪ੍ਰੇਮੀ ਹੁੰਮ ਹੁੰਮਾ ਕੇ ਪਹੁੰਚੇ । ਰਿਜ਼ਵਾਨ ਨੇ ਵੀ ਆਪਣੇ ਚਾਹੁਣ ਵਾਲਿਆਂ ਨੂੰ ਨਿਰਾਸ਼ ਨਹੀਂ ਕੀਤਾ ਅਤੇ ਇਕ ਵਧੀਆ ਪਾਰੀ ਖੇਡੀ। ਕੱਲ੍ਹ ਨੂੰ ਮਿਸੀਸਾਗਾ ਦਾ ਮੁਕਾਬਲਾ ਸਰੀ ਨਾਲ ਅਤੇ ਟੋਰਾਂਟੋ ਦਾ ਮੁਕਾਬਲਾ ਵੈਨਕੂਵਰ ਨਾਲ ਹੋਵੇਗਾ। ਅੱਜ ਦੇ ਮੈਚਾਂ ਦੀਆਂ ਕੁਝ ਤਸਵੀਰਾਂ ਆਪਣੇ ਸਰੋਤਿਆ ਲਈ ਸਾਂਝੀਆਂ ਕਰ ਰਹੇ ਹਾ।

# ਸਕਾਰਬਰੋ ਦੇ ਘਰ ਵਿੱਚ ਪੁਲਿਸ ਨੇ ਇੱਕ ਵਿਅਕਤੀ ਨੂੰ ਮਾਰੀ ਗੋਲੀ




ਓਨਟਾਰੀਓ, 1 ਅਗਸਤ (ਪੋਸਟ ਬਿਊਰੋ) : ਓਨਟਾਰੀਓ ਪੁਲਿਸ ਦੀ ਵਾਚਡੌਗ (ਐਸਆਈਯੂ) ਵੱਲੋਂ ਇੱਕ ਗੋਲੀਕਾਂਡ ਦੀ ਜਾਂਚ ਕੀਤੀ ਜਾ ਰਹੀ ਹੈ। ਇਸ ਗੋਲੀਕਾਂਡ ਵਿੱਚ ਪੁਲਿਸ ਵੀ ਸ਼ਾਮਲ ਸੀ ਤੇ ਇਸ ਕਾਰਨ ਸਕਾਰਬਰੋ ਦਾ ਇੱਕ ਵਿਅਕਤੀ ਗੰਭੀਰ ਜ਼ਖ਼ਮੀ ਹੋ ਗਿਆ ਤੇ ਉਸ ਨੂੰ ਇਲਾਜ ਲਈ ਹਸਪਤਾਲ ਲਿਜਾਇਆ ਗਿਆ।

ਟੋਰਾਂਟੋ ਪੁਲਿਸ ਵੱਲੋਂ ਦਿੱਤੀ ਗਈ ਜਾਣਕਾਰੀ ਅਨੁਸਾਰ ਉਨ੍ਹਾਂ ਨੂੰ ਰਾਤੀਂ 2:30 ਵਜੇ ਫਾਰਮੇਸੀ ਐਵਨਿਊ ਤੇ ਲਾਅਰੈਂਸ ਐਵਨਿਊ ਈਸਟ ਇਲਾਕੇ ਦੇ ਇੱਕ ਘਰ ਵਿੱਚ ਸੱਦਿਆ ਗਿਆ। ਪੁਲਿਸ ਨੂੰ ਮੰਗਲਵਾਰ ਨੂੰ ਇੱਕ ਵਿਅਕਤੀ ਵੱਲੋਂ ਹੱਥ ਵਿੱਚ ਚਾਕੂ ਫੜ੍ਹਕੇ ਧਮਕੀਆਂ ਦੇਣ ਦੀ ਖਬਰ ਮਿਲੀ ਸੀ। ਇਸ ਤਰ੍ਹਾਂ ਦੀ ਰਿਪੋਰਟ ਮਿਲਣ ਤੋਂ ਬਾਅਦ ਪੁਲਿਸ ਅਧਿਕਾਰੀ ਉਸ ਘਰ ਵਿੱਚ ਪਹੁੰਚੇ ਤੇ ਥੋੜ੍ਹੀ ਦੇਰ ਬਾਅਦ ਹੀ ਉਸ ਵਿਅਕਤੀ ਨੂੰ ਜ਼ਖ਼ਮੀ ਹਾਲਤ ਵਿੱਚ ਹਸਪਤਾਲ ਲਿਜਾਇਆ ਗਿਆ। ਸਪੈਸ਼ਲ ਇਨਵੈਸਟੀਗੇਸ਼ਨ ਯੂਨਿਟ (ਐਸਆਈਯੂ) ਦੇ ਕਿਸੇ ਸੂਤਰ ਵੱਲੋਂ ਦਿੱਤੀ ਗਈ ਜਾਣਕਾਰੀ ਅਨੁਸਾਰ ਇਸ ਵਿਅਕਤੀ ਨੂੰ ਪੁਲਿਸ ਅਧਿਕਾਰੀਆਂ ਵੱਲੋਂ ਘਰ ਦੇ ਅੰਦਰ ਹੀ ਗੋਲੀ ਮਾਰੀ ਗਈ।

ਪੁਲਿਸ ਨੇ ਦੱਸਿਆ ਕਿ ਜ਼ਖ਼ਮੀ ਵਿਅਕਤੀ ਦੀ ਹਾਲਤ ਇਸ ਸਮੇਂ ਸਥਿਰ ਹੈ। ਐਸਆਈਯੂ ਇਹ ਪਤਾ ਲਾਉਣ ਦੀ ਕੋਸ਼ਿਸ਼ ਕਰ ਰਹੀ ਹੈ ਕਿ ਪੁਲਿਸ ਅਧਿਕਾਰੀਆਂ ਵੱਲੋਂ ਕੀਤੀ ਗਈ ਤਾਕਤ ਦੀ ਵਰਤੋਂ ਨੂੰ ਸਹੀ ਠਹਿਰਾਇਆ ਜਾ ਸਕਦਾ ਹੈ ਜਾਂ ਨਹੀਂ।

# ਜਗਮੀਤ ਸਿੰਘ ਨੇ ਗਾਲਾਂ ਕੱਢਣ ਵਾਲੇ ਨੂੰ ਗੱਲਬਾਤ ਦਾ ਦਿੱਤਾ ਸੱਦਾ



ਨਿਊਫਾਊਂਡਲੈਂਡ ਐਂਡ ਲੈਬਰਾਡੌਰ, 1 ਅਗਸਤ (ਪੋਸਟ ਬਿਊਰੋ) : ਐਨਡੀਪੀ ਆਗੂ ਜਗਮੀਤ ਸਿੰਘ ਨੇ ਗੱਡੀ ਵਿੱਚ ਲੰਘੇ ਜਾ ਰਹੇ ਤੇ ਉਨ੍ਹਾਂ ਨੂੰ ਤੰਗ ਪਰੇਸ਼ਾਨ ਕਰ ਰਹੇ ਇੱਕ ਵਿਅਕਤੀ ਨੂੰ ਰੌਲਾ ਪਾਉਣ ਦੀ ਥਾਂ ਖੁੱਲ੍ਹ ਕੇ ਗੱਲਬਾਤ ਕਰਨ ਦਾ ਸੱਦਾ ਦਿੱਤਾ।

ਜਗਮੀਤ ਸਿੰਘ, ਸੇਂਟ ਜੌਹਨਜ਼, ਨਿਊਫਾਊਂਡਲੈਂਡ ਐਂਡ ਲੈਬਰਾਡੌਰ ਵਿੱਚ ਡੌਮੀਨੀਅਨ ਗ੍ਰੌਸਰੀ ਸਟੋਰ ਦੇ ਬਾਹਰ ਖਾਣ ਪੀਣ ਦੀਆਂ ਚੀਜ਼ਾਂ ਦੀਆਂ ਉੱਚੀਆਂ ਕੀਮਤਾਂ ਬਾਰੇ ਗੱਲ ਕਰ ਰਹੇ ਸਨ ਜਦੋਂ ਕਾਲੀ ਕਾਰ ਵਿੱਚ ਨੇੜਿਓ ਲੰਘੇ ਜਾ ਰਹੇ ਇੱਕ ਵਿਅਕਤੀ ਨੇ ਕਾਰ ਪਾਰਕਿੰਗ ਲੌਟ ਵਿੱਚ ਰੋਕ ਕੇ ਜਗਮੀਤ ਸਿੰਘ ਤੇ ਪ੍ਰਧਾਨ ਮੰਤਰੀ ਜਸਟਿਨ ਟਰੂਡੋ ਬਾਰੇ ਗਲਤ ਮਲਤ ਬੋਲਣਾ ਸ਼ੁਰੂ ਕਰ ਦਿੱਤਾ। ਉਸ ਨੇ ਦੋਵਾਂ ਆਗੂਆਂ ਬਾਰੇ ਲੱਚਰ ਕਿਸਮ ਦੀਆਂ ਗੱਲਾਂ ਬੋਲੀਆਂ।

ਇਸ ਉੱਤੇ ਜਗਮੀਤ ਸਿੰਘ ਨੇ ਆਖਿਆ ਕਿ ਜੇ ਤੁਸੀਂ ਹੋਮੋਫੋਬਿਕ ਹੋਂ ਤਾਂ ਇਸ ਨੂੰ ਆਪਣੇ ਤੱਕ ਰੱਖੋ। ਤੁਹਾਡਾ ਹੋਮੋਫੋਬੀਆ ਬਹੁਤ ਹੀ ਅਢੁਕਵਾਂ ਹੈ। ਜਦੋਂ ਉਹ ਵਿਅਕਤੀ ਗਾਲਾਂ ਕੱਢਣ ਤੋਂ ਨਹੀਂ ਹਟਿਆ ਤਾਂ ਜਗਮੀਤ ਸਿੰਘ ਨੇ ਆਖਿਆ ਕਿ "ਤੂੰ ਗੱਡੀ ਚਲਾ ਕੇ ਦੂਰ ਜਾ ਰਿਹਾ ਹੈ ਮੈਂ ਤਾਂ ਇੱਥੇ ਹੀ ਖੜ੍ਹਾ ਹਾਂ, ਜੇ ਤੈਨੂੰ ਠੀਕ ਲੱਗੇ ਤਾਂ ਆਪਾਂ ਗੱਲਬਾਤ ਵੀ ਕਰ ਸਕਦੇ ਹਾਂ।" ਇਸ ਤੋਂ ਬਾਅਦ ਉਹ ਵਿਅਕਤੀ ਉੱਥੋਂ ਚਲਾ ਗਿਆ। ਫਿਰ ਜਗਮੀਤ ਸਿੰਘ ਨੇ ਆਪਣੀ ਪ੍ਰੈੱਸ ਕਾਨਫਰੰਸ ਮੁੜ ਸ਼ੁਰੂ ਕਰ ਦਿੱਤੀ।

## ਅੱਜ ਨਾਮਾ

ਗਵਾਂਢੀ ਰਾਜ ਵਿੱਚ ਬੜਾ ਤਨਾਅ ਬਣਿਆ,
ਜਿੱਦਾਂ ਹੈ ਨਿਕਲਦਾ ਦੱਬਿਆ ਸਾੜ ਮੀਆਂ।
ਨਾਕਸ ਸਰਕਾਰੀ ਆ ਕੁੱਲ ਪ੍ਰਬੰਧ ਨਿਕਲੇ,
ਦਿੱਤੀ ਆ ਚੌਕਸੀ ਦੀ ਚਾਦਰ ਪਾੜ ਮੀਆਂ।
ਗੱਡੀਆਂ, ਮੋਟਰਾਂ ਬੱਸਾਂ ਵੀ ਸਾੜ ਧਰੀਆਂ,
ਜਿਵੇਂ ਸਾੜੇ ਕੋਈ ਕਣਕ ਦਾਨਾੜ ਮੀਆਂ।
ਸ਼ੋਹਦੇ ਭੁੜਕਦੇ ਇੰਜ ਸੀ ਨਜ਼ਰ ਆਉਂਦੇ,
ਚਾਹੁੰਦਾ ਉੱਲੂ ਜਿਉਂ ਹੋਈ ਉਜਾੜ ਮੀਆਂ।
ਰੌਲਾ ਰਿਹਾ ਹਰਿਆਣੇ ਤੱਕ ਨਹੀਂ ਸੀਮਤ,
ਓਦੋਂ ਪਰੇ ਤੱਕ ਵੀ ਗੜਬੜ ਹੋਈ ਮੀਆਂ।
ਭਲਕ ਨੂੰ ਜਾਵਣਾ ਕਿੱਥੇ ਕੀ ਹੋਰ ਵਾਪਰ,
ਦੱਸਣ ਜੋਗਾ ਨਾ ਲੱਭ ਰਿਹਾ ਕੋਈ ਮੀਆਂ।

**ਤੀਸ ਮਾਰ ਖਾਂ**

# ਰਾਸ਼ਟਰਪਤੀ ਚੋਣਾਂ ਦੇ ਨਤੀਜੇ ਪਲਟਾਉਣ ਲਈ ਟਰੰਪ ਨੂੰ ਦਿੱਤਾ ਗਿਆ ਦੋਸ਼ੀ ਕਰਾਰ

ਪੰਨਾ 1 ਦਾ ਬਾਕੀ

ਅਜਿਹਾ ਪਹਿਲੀ ਵਾਰੀ ਹੋਇਆ ਕਿ ਇੱਕ ਹਾਰੇ ਹੋਏ ਰਾਸ਼ਟਰਪਤੀ ਅਹੁਦੇ ਦੇ ਉਮੀਦਵਾਰ , ਜੋ ਕਿ ਅਗਲੀ ਵਾਰੀ ਲਈ ਰਿਪਬਲਿਕਨ ਪ੍ਰੈਜ਼ੀਡੈਂਸ਼ੀਅਲ ਨੌਮੀਨੇਸ਼ਨ ਦਾ ਦਾਅਵੇਦਾਰ ਸੀ, ਨੂੰ ਸੱਤਾ ਨਾਲ ਚਿੰਬੜੇ ਰਹਿਣ ਦੀ ਆਪਣੀ ਭੁੱਖ ਕਾਰਨ ਤੇ ਸੱਤਾ ਹਥਿਆਉਣ ਦੀਆਂ ਆਪਣੀਆਂ ਅਸਫਲ ਕੋਸ਼ਿਸ਼ਾਂ ਕਾਰਨ ਕਾਨੂੰਨੀ ਕਾਰਵਾਈ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਜਸਟਿਸ ਡਿਪਾਰਟਮੈਂਟ ਦੇ ਸਪੈਸ਼ਲ ਕਾਊਂਸਲ ਜੈਕ ਸਮਿੱਥ, ਜਿਨ੍ਹਾਂ ਦੇ ਆਫਿਸ ਵੱਲੋਂ ਟਰੰਪ ਦੇ ਮਾਮਲੇ ਦੀ ਕਈ ਮਹੀਨਿਆਂ ਤੋਂ ਜਾਂਚ ਕੀਤੀ ਜਾ ਰਹੀ ਹੈ, ਨੇ ਆਖਿਆ ਕਿ ਦੇਸ਼ ਦੀ ਕੈਪੀਟਲ ਉੱਤੇ 6 ਜਨਵਰੀ, 2021 ਨੂੰ ਹੋਏ ਹਮਲੇ ਨੂੰ ਅਮਰੀਕੀ ਜਮਹੂਰੀਅਤ ਉੱਤੇ ਹਮਲਾ ਮੰਨਿਆ ਜਾਵੇਗਾ। ਇਸ ਹਮਲੇ ਨੂੰ ਝੂਠ ਦਾ ਸਹਾਰਾ ਲੈ ਕੇ ਭੜਕਾਇਆ ਗਿਆ, ਅਮਰੀਕੀ ਸਰਕਾਰ ਦੇ ਕੰਮਕਾਜ ਵਿੱਚ ਅੜਿੱਕਾ ਡਾਹੁਣ ਦੀ ਕੋਸ਼ਿਸ਼ ਕੀਤੀ ਗਈ, ਪ੍ਰੈਜ਼ੀਡੈਂਸ਼ੀਅਲ ਚੋਣਾਂ ਦੇ ਨਤੀਜਿਆਂ ਨੂੰ ਐਲਾਨਣ ਤੇ ਵੋਟਾਂ ਦੀ ਗਿਣਤੀ ਦੇ ਰਾਹ ਵਿੱਚ ਵਿਘਣ ਪਾਇਆ।

ਇਸ ਦੌਰਾਨ ਟਰੰਪ ਕੈਂਪੇਨ ਵੱਲੋਂ ਇਨ੍ਹਾਂ ਚਾਰਜਿਜ਼ ਨੂੰ ਝੂਠਾ ਦੱਸਿਆ ਗਿਆ। ਉਨ੍ਹਾਂ ਇਹ ਵੀ ਆਖਿਆ ਕਿ ਜੇ ਇਹੋ ਗੱਲ ਸੀ ਤਾਂ ਇਸ ਨੂੰ ਸਾਹਮਣੇ ਲਿਆਉਣ ਲਈ ਢਾਈ ਸਾਲ ਦਾ ਸਮਾਂ ਕਿਉਂ ਲੱਗਿਆ।

## 15 ਸਾਲਾ ਲੜਕੀ ਗ੍ਰਿਫਤਾਰ, ਚੋਰੀ ਦੀਆਂ ਗੱਡੀਆਂ, ਬਣਾਉਟੀ ਹਥਿਆਰ ਤੇ ਗਹਿਣੇ ਬਰਾਮਦ

ਟੋਰਾਂਟੋ, 1 ਅਗਸਤ (ਪੋਸਟ ਬਿਊਰੋ) : ਜੀਟੀਏ ਭਰ ਵਿੱਚ ਰਾਤ ਨੂੰ ਲੋਕਾਂ ਦੇ ਘਰਾਂ ਵਿੱਚ ਦਾਖਲ ਹੋ ਕੇ ਚੋਰੀਆਂ ਕਰਨ ਦੇ ਮਾਮਲੇ ਦੇ ਸਬੰਧ ਵਿੱਚ ਇੱਕ ਟੀਨੇਜ ਲੜਕੀ ਨੂੰ ਗ੍ਰਿਫਤਾਰ ਕਰ ਲਿਆ ਗਿਆ ਹੈ ਤੇ ਉਸ ਖਿਲਾਫ ਦਰਜਨਾਂ ਮਾਮਲੇ ਦਰਜ ਕੀਤੇ ਗਏ ਹਨ।

ਪੁਲਿਸ ਵੱਲੋਂ ਲਾਏ ਗਏ ਦੋਸ਼ ਅਨੁਸਾਰ ਮਸ਼ਕੂਕ ਲੜਕੀ ਨੇ ਪਹਿਲੀ ਜੁਲਾਈ ਤੋਂ 11 ਜੁਲਾਈ ਤੱਕ ਓਕਵਿੱਲ ਵਿੱਚ ਅੱਪਰ ਮਿਡਲ ਰੋਡ ਤੇ ਏੜਥ ਲਾਈਨ ਇਲਾਕੇ ਦੇ ਸੱਤ ਘਰਾਂ ਵਿੱਚ ਚਰੀ ਕੀਤੀ। ਇਸ ਤਰ੍ਹਾਂ ਦੀਆਂ ਚੋਰੀ ਦੀਆਂ ਵਾਰਦਾਤਾਂ ਯੌਰਕ ਤੇ ਪੀਲ ਰੀਜਨਜ਼ ਵਿੱਚ ਵੀ ਵਾਪਰੀਆਂ। ਜਾਂਚਕਾਰਾਂ ਨੇ ਆਖਿਆ ਕਿ ਇਹ ਚੋਰੀਆਂ ਅੱਧੀ ਰਾਤ ਨੂੰ ਕੀਤੀਆਂ ਜਾਂਦੀਆ ਸਨ, ਜਦੋਂ ਲਕ ਸੁੱਤੇ ਹੋਏ ਹੁੰਦੇ ਸਨ। ਛੇ ਗੱਡੀਆਂ ਸਮੇਤ ਨਕਦੀ ਤੇ ਹੋਰ ਕੀਮਤੀ ਸਮਾਨ ਵੀ ਚੋਰੀ ਹੋਇਆ।

ਹਾਲਟਨ ਰੀਜਨਲ ਪੁਲਿਸ ਸਰਵਿਸ ਵੱਲੋਂ ਪੀਲ ਤੇ ਯੌਰਕ ਪੁਲਿਸ ਨਾਲ ਰਲ ਕੇ ਕੀਤੀ ਗਈ ਜਾਂਚ ਤੋਂ ਬਾਅਦ ਇਸ ਮਸ਼ਕੂਕ ਦੀ ਪਛਾਣ ਕਰ ਲਈ ਗਈ। 27 ਜੁਲਾਈ ਨੂੰ ਪੁਲਿਸ ਨੂੰ ਮਸ਼ਕੂਕ ਸਕਾਰਬਰੋ ਵਿੱਚ ਇੱਕ ਚੋਰੀ ਦੀ ਗੱਡੀ ਵਿੱਚ ਜਾਂਦੀ ਮਿਲ ਗਈ ਤੇ ਉਸ ਨੂੰ ਗ੍ਰਿਫਤਾਰ ਕਰ ਲਿਆ ਗਿਆ। ਜਾਂਚ ਵਿੱਚ ਪੁਲਿਸ ਨੂੰ ਸੱਤ ਚੋਰੀ ਦੀਆਂ ਗੱਡੀਆਂ ਹੋਰ ਮਿਲੀਆਂ। ਮਿਸੀਸਾਗਾ ਦੇ ਇੱਕ ਘਰ ਵਿੱਚ ਜਾਂਚਕਾਰਾਂ ਵੱਲੋਂ ਸਰਚ ਵਾਰੰਟ ਕਢਵਾ ਕੇ ਜਦੋਂ ਤਲਾਸ਼ੀ ਲਈ ਗਈ ਤਾਂ ਉਨ੍ਹਾਂ ਨੂੰ ਚੋਰੀ ਦੀਆਂ ਕਈ ਆਈਟਮਾਂ, ਬਣਾਉਟੀ ਹਥਿਆਰ, ਕਾਰਾਂ ਦੀਆਂ ਚਾਬੀਆਂ, ਗੈਰਾਜ ਡੋਰ ਖੋਲ੍ਹਣ ਵਾਲੇ ਸੰਦ ਤੇ ਗਹਿਣੇ ਮਿਲੇ।






















# ਹਰਿਆਣਾ ਦੇ ਮੁੱਖ ਮੰਤਰੀ ਮਨੋਹਰ ਲਾਲ ਖੱਟਰ ਨੇ ਕਿਹਾ: ਨੂਹ ਹਿੰਸਾ ਇੱਕ ਸੋਚੀ ਸਮਝੀ ਸਾਜ਼ਿਸ਼, 70 ਜਣਿਆਂ ਨੂੰ ਹਿਰਾਸਤ ਵਿਚ ਲਿਆ

ਨੂਹ, 1 ਅਗਸਤ (ਪੋਸਟ ਬਿਊਰੋ): ਹਰਿਆਣਾ ਦੇ ਨੂਹ 'ਚ ਦੋ ਭਾਈਚਾਰਿਆਂ ਵਿਚਾਲੇ ਹਿੰਸਾ ਅਤੇ ਹੰਗਾਮੇ ਤੋਂ ਬਾਅਦ ਤਣਾਅ ਬਣਿਆ ਹੋਇਆ ਹੈ। ਇਸ ਸਬੰਧੀ ਮੁੱਖ ਮੰਤਰੀ ਮਨੋਹਰ ਲਾਲ ਨੇ ਅੱਜ ਆਪਣੇ ਨਿਵਾਸ ਸਥਾਨ 'ਤੇ ਸਮੀਖਿਆ ਬੈਠਕ ਕੀਤੀ, ਜਿਸ 'ਚ ਰਾਜ ਦੇ ਗ੍ਰਿਹ ਮੰਤਰੀ ਅਨਿਲ ਵਿਜ ਅਤੇ ਮੁੱਖ ਸਕੱਤਰ ਸੰਜੀਵ ਕੌਸ਼ਲ ਦੇ ਨਾਲ-ਨਾਲ ਪੁਲਿਸ ਡਾਇਰੈਕਟਰ ਜਨਰਲ ਪੀਕੇ ਅਗਰਵਾਲ ਸਮੇਤ ਸਾਰੇ ਪ੍ਰਸ਼ਾਸਨਿਕ ਅਧਿਕਾਰੀ ਮੌਜੂਦ ਸਨ।



ਹਰਿਆਣਾ ਦੇ ਮੁੱਖ ਮੰਤਰੀ ਮਨੋਹਰ ਲਾਲ ਖੱਟਰ ਨੇ ਮੀਟਿੰਗ ਤੋਂ ਬਾਅਦ ਕਿਹਾ ਕਿ ਨੂਹ ਵਿੱਚ ਜੋ ਵੀ ਘਟਨਾ ਵਾਪਰੀ ਉਹ ਮੰਦਭਾਗੀ ਹੈ। ਘਟਨਾ ਦਾ ਪਤਾ ਲੱਗਦਿਆਂ ਹੀ ਸੀਨੀਅਰ ਪੁਲਿਸ ਅਧਿਕਾਰੀ ਮੌਕੇ 'ਤੇ ਭੇਜ ਦਿੱਤੇ ਗਏ। ਉਨ੍ਹਾਂ ਅੱਗੇ ਕਿਹਾ ਕਿ ਇਹ ਇੱਕ ਸਮਾਜਿਕ ਯਾਤਰਾ ਹੈ ਜੋ ਹਰ ਸਾਲ ਕੱਢੀ ਜਾਂਦੀ ਹੈ। ਇਸ 'ਤੇ ਕੁਝ ਲੋਕਾਂ ਵੱਲੋਂ ਹਮਲਾ ਕੀਤਾ ਗਿਆ, ਇੱਥੋਂ ਤੱਕ ਕਿ ਪੁਲਿਸ ਨੂੰ ਵੀ ਨਿਸ਼ਾਨਾ ਬਣਾਇਆ ਗਿਆ।

ਮੁੱਖ ਮੰਤਰੀ ਮਨੋਹਰ ਲਾਲ ਨੇ ਇਸ ਪੂਰੀ ਘਟਨਾ ਨੂੰ ਸੋਚੀ ਸਮਝੀ ਸਾਜ਼ਿਸ਼ ਕਰਾਰ ਦਿੱਤਾ ਹੈ। ਉਨ੍ਹਾਂ ਕਿਹਾ ਕਿ ਇੱਕ ਸਾਜ਼ਿਸ਼ ਤਹਿਤ ਯਾਤਰਾ ਵਿੱਚ ਵਿਘਨ ਪਾਇਆ ਗਿਆ, ਵਾਹਨਾਂ ਨੂੰ ਅੱਗ ਲਗਾਈ ਗਈ। ਹਾਲਾਂਕਿ ਨੂਹ ਸਮੇਤ ਸਾਰੀਆਂ ਥਾਵਾਂ 'ਤੇ ਸਥਿਤੀ ਹੁਣ ਆਮ ਵਾਂਗ ਹੈ। ਕੁੱਲ 70 ਜਣਿਆਂ ਨੂੰ ਹਿਰਾਸਤ ਵਿਚ ਲਿਆ ਗਿਆ ਹੈ। ਨੂਹ ਜ਼ਿਲੇ ਅਤੇ ਆਸਪਾਸ ਦੇ ਇਲਾਕਿਆਂ ਚਿਚ ਭਾਰੀ ਪੁਲਿਸ ਤਾਇਨਾਤ ਕੀਤੀ ਗਈ ਹੈ। ਨੂਹ ਵਿਚ ਵੀ ਕਰਫਿਊ ਲਗਾ ਦਿੱਤਾ ਗਿਆ ਹੈ ਅਤੇ ਕੁਝ ਥਾਂਵਾਂ 'ਤੇ ਧਾਰਾ 144 ਵੀ ਲਗਾਈ ਗਈ ਹੈ। ਕਰੀਬ 44 ਐੱਫ.ਆਈ.ਆਰ. ਦਰਜ ਕੀਤੀਆਂ ਗਈਆਂ ਹਨ।

ਉਨ੍ਹਾਂ ਦੱਸਿਆ ਕਿ ਹੁਣ ਤੱਕ ਪੰਜ ਵਿਅਕਤੀਆਂ ਦੀ ਮੌਤ ਹੋ ਚੁੱਕੀ ਹੈ, ਜਿਨ੍ਹਾਂ ਵਿੱਚ ਦੋ ਪੁਲੀਸ ਮੁਲਾਜ਼ਮ ਅਤੇ ਤਿੰਨ ਆਮ ਵਿਅਕਤੀ ਮਾਰੇ ਗਏ ਹਨ। ਅਸੀਂ ਉਨ੍ਹਾਂ ਦੀ ਹਰ ਸੰਭਵ ਮੱਦਦ ਕਰਾਂਗੇ। ਇਸ ਦੇ ਨਾਲ ਹੀ ਇਸ ਘਟਨਾ ਨੂੰ ਅੰਜ਼ਾਮ ਦੇਣ ਵਾਲੇ ਨੂਹ ਤੋਂ ਬਾਹਰ ਦੇ ਲੋਕਾਂ ਦੀ ਪਛਾਣ ਕੀਤੀ ਜਾ ਰਹੀ ਹੈ। ਮੁੱਖ ਮੰਤਰੀ ਨੇ ਕਿਹਾ ਕਿ ਕਿਸੇ ਵੀ ਹਿੰਸਾ ਕਰਨ ਵਾਲੇ ਨੂੰ ਬਖਸ਼ਿਆ ਨਹੀਂ ਜਾਵੇਗਾ। ਇਸ ਦੇ ਨਾਲ ਹੀ ਸਮੂਹ ਨਾਗਰਿਕਾਂ ਨੂੰ ਸ਼ਾਂਤੀ ਬਹਾਲੀ ਲਈ ਅੱਗੇ ਆਉਣ ਦੀ ਅਪੀਲ ਕੀਤੀ ਗਈ ਹੈ। ਹਰਿਆਣਾ ਦੇ ਕਈ ਜ਼ਿਲ੍ਹਿਆਂ ਵਿੱਚ ਧਾਰਾ 144 ਲਾਗੂ ਕਰ ਦਿੱਤੀ ਗਈ ਹੈ। ਇਸ ਦੇ ਨਾਲ ਹੀ ਇੰਟਰਨੈੱਟ ਸੇਵਾ ਵੀ ਬੰਦ ਕਰ ਦਿੱਤੀ ਗਈ ਹੈ। ਸਥਿਤੀ ਨੂੰ ਕਾਬੂ ਹੇਠ ਕਰਨ ਲਈ ਅਰਧ ਸੈਨਿਕ ਬਲਾਂ ਦੀਆਂ ਲਗਭਗ 13 ਕੰਪਨੀਆਂ ਅਤੇ ਹਰਿਆਣਾ ਪੁਲਿਸ ਦੀਆਂ 40 ਕੰਪਨੀਆਂ ਨੂੰ ਪੂਰੇ ਖੇਤਰ ਵਿੱਚ

# ਦੇਸ਼ ਦੀ ਆਪਣੀ ਤਰ੍ਹਾਂ ਦੀ ਪਹਿਲੀ ਸੜਕ ਸੁਰੱਖਿਆ ਫੋਰਸ ਦੀ ਸ਼ੁਰੂਆਤ ਲਈ ਪੰਜਾਬ ਤਿਆਰ-ਬਰ-ਤਿਆਰ : ਭਗਵੰਤ ਮਾਨ

*** ਆਵਾਜਾਈ ਨੂੰ ਸੁਚਾਰੂ ਬਣਾਉਣ ਅਤੇ ਦੁਰਘਟਨਾਵਾਂ ਨੂੰ ਟਾਲਣ ਲਈ ਬਣਾਈ ਅਤਿ-ਆਧੁਨਿਕ ਸੜਕ ਸੁਰੱਖਿਆ ਫੋਰਸ ਦੀ ਸ਼ੁਰੂਆਤ ਦਾ ਲਿਆ ਜਾਇਜ਼ਾ * ਰਾਹਗੀਰਾਂ ਦੀ ਮੱਦਦ ਲਈ ਹਾਈ-ਟੈੱਕ ਵਾਹਨਾਂ ਅਤੇ ਸਹੂਲਤਾਂ ਨਾਲ ਲੈਸ ਹੋਵੇਗੀ ਫੋਰਸ**

ਲੁਧਿਆਣਾ, 1 ਅਗਸਤ (ਪੋਸਟ ਬਿਊਰੋ): ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਮੰਗਲਵਾਰ ਨੂੰ ਸੂਬੇ ਵਿੱਚ ਸੜਕ ਹਾਦਸਿਆਂ ਕਾਰਨ ਹੋਣ ਵਾਲੀਆਂ ਮੌਤਾਂ ਦੀ ਦਰ ਨੂੰ ਠੱਲ੍ਹ ਪਾਉਣ ਅਤੇ ਸੂਬੇ ਦੀਆਂ ਸੜਕਾਂ 'ਤੇ ਆਵਾਜਾਈ ਨੂੰ ਹੋਰ ਸੁਚਾਰੂ ਬਣਾਉਣ ਦੇ ਮੱਦੇਨਜ਼ਰ ਸੜਕ ਸੁਰੱਖਿਆ ਫੋਰਸ (ਰੋਡ ਸੇਫਟੀ ਫੋਰਸ) ਦੀ ਸ਼ੁਰੂਆਤ ਦਾ ਜਾਇਜ਼ਾ ਲਿਆ।



ਮੁੱਖ ਮੰਤਰੀ, ਜੋ ਅੱਜ ਇੱਥੇ ਆਪਣੀ ਕਿਸਮ ਦੀ ਨਿਵੇਕਲੀ ਅਤੇ ਵਿਸ਼ੇਸ਼ ਫੋਰਸ ਦੀ ਸ਼ੁਰੂਆਤ ਕਰਨ ਲਈ ਵਿਸਤ੍ਰਿਤ ਸਮੀਖਿਆ ਮੀਟਿੰਗ ਲਈ ਪਹੁੰਚੇ ਸਨ, ਨੇ ਕਿਹਾ ਕਿ ਪੰਜਾਬ ਵਿੱਚ ਰੋਜ਼ਾਨਾ ਸੜਕ ਹਾਦਸਿਆਂ ਵਿੱਚ ਬਹੁਤ ਕੀਮਤੀ ਜਾਨਾਂ ਜਾਂਦੀਆਂ ਹਨ, ਜਿਨ੍ਹਾਂ ਨੂੰ ਰੋਕਿਆ ਜਾਣਾ ਅਤਿ-ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਇਹ ਉਦੋਂ ਹੀ ਸੰਭਵ ਹੈ, ਜੇ ਸੂਬੇ ਦੀਆਂ ਸੜਕਾਂ 'ਤੇ ਟਰੈਫਿਕ ਨੂੰ ਬਿਹਤਰ ਢੰਗ ਨਾਲ ਕੰਟਰੋਲ ਕੀਤਾ ਜਾਵੇ, ਇਸੇ ਲਈ ਪੰਜਾਬ ਪੁਲਿਸ ਵਿੱਚ ' ਰੋਡ ਸੇਫਟੀ ਫੋਰਸ' ਦਾ ਗਠਨ ਕੀਤਾ ਜਾ ਰਿਹਾ ਹੈ। ਭਗਵੰਤ ਮਾਨ ਨੇ ਕਿਹਾ ਕਿ ਸੜਕ ਹਾਦਸਿਆਂ ਨੂੰ ਰੋਕਣ ਦੇ ਮੱਦੇਨਜ਼ਰ ਇਸ ਫੋਰਸ ਨੂੰ ਲਾਪ੍ਰਵਾਹੀ ਨਾਲ ਡਰਾਈਵਿੰਗ ਕਰਨ ਵਾਲਿਆਂ 'ਤੇ ਨਿਗ੍ਹਾ ਰੱਖਣ, ਸੜਕਾਂ 'ਤੇ ਵਾਹਨਾਂ ਦੀ ਆਵਾਜਾਈ ਨੂੰ ਸੁਚਾਰੂ ਬਣਾਉਣ ਅਤੇ ਹੋਰ ਕੰਮਾਂ ਦੀ ਜ਼ਿੰਮੇਵਾਰੀ ਸੌਂਪੀ ਜਾਵੇਗੀ, ਜਿਸ ਨਾਲ ਥਾਣਿਆਂ ਵਿਚ ਤਾਇਨਾਤ ਪੁਲਿਸ ਮੁਲਾਜ਼ਮਾਂ 'ਤੇ ਬੋਝ ਵੀ ਘਟੇਗਾ।

ਮੁੱਖ ਮੰਤਰੀ ਨੇ ਕਿਹਾ ਕਿ ਇਸ ਵਿਸ਼ੇਸ਼ ਫੋਰਸ ਲਈ ਪਹਿਲੇ ਪੜਾਅ ਤਹਿਤ 1300 ਪੁਲਿਸ ਮੁਲਾਜ਼ਮਾਂ ਦੀ ਭਰਤੀ ਕੀਤੀ ਜਾਵੇਗੀ। ਇਸ ਫੋਰਸ ਵੱਲੋਂ ਵਰਤੇ ਜਾਣ ਵਾਲੇ ਵਾਹਨਾਂ ਦਾ ਮੁਆਇਨਾ ਕਰਦਿਆਂ ਉਨ੍ਹਾਂ ਕਿਹਾ ਕਿ ਸ਼ੁਰੂਆਤੀ ਤੌਰ 'ਤੇ 144 ਵਾਹਨ ਲਾਂਚ ਕੀਤੇ ਜਾਣਗੇ, ਜਿਨ੍ਹਾਂ ਵਿਚੋਂ 116 ਇਸੂਜ਼ੂ ਵਾਹਨ ਹੋਣਗੇ, ਜੋ ਹਰ 30 ਕਿਲੋਮੀਟਰ ਬਾਅਦ ਤਾਇਨਾਤ ਕੀਤੇ ਜਾਣਗੇ ਅਤੇ 28 ਐਸ.ਯੂ.ਵੀ. ਹੋਣਗੀਆਂ, ਜੋ ਸਪੀਡ ਰਾਡਾਰ ਨਾਲ ਲੈਸ ਹੋਣਗੀਆਂ। ਭਗਵੰਤ ਮਾਨ ਨੇ ਅੱਗੇ ਦੱਸਿਆ ਕਿ ਇਨ੍ਹਾਂ ਵਾਹਨਾਂ ਵਿੱਚ ਦੁਰਘਟਨਾ ਹੋਣ 'ਤੇ ਐਮਰਜੈਂਸੀ ਇਲਾਜ ਮੁਹੱਈਆ ਕਰਵਾਉਣ ਲਈ ਪੂਰੀ ਮੈਡੀਕਲ ਕਿੱਟ ਵੀ ਉਪਲਬਧ ਹੋਵੇਗੀ।

ਮੁੱਖ ਮੰਤਰੀ ਨੇ ਸੂਬੇ ਵਿੱਚ ਇਸ ਅਤਿ-ਆਧੁਨਿਕ ਫੋਰਸ ਲਈ ਪ੍ਰਸਤਾਵਿਤ ਵਰਦੀਆਂ ਦੇ ਵੱਖ-ਵੱਖ ਡਿਜ਼ਾਈਨਾਂ ਦੀ ਵੀ ਜਾਂਚ ਕਰਦਿਆਂ ਕਿਹਾ ਕਿ ਵਰਦੀ ਵਿੱਚ ਰਿਫਲੈਕਟਰ ਜ਼ਰੂਰ ਹੋਣੇ ਚਾਹੀਦੇ ਹਨ ਤਾਂ ਜੋ ਲੋੜਵੰਦ ਵਿਅਕਤੀ ਦੂਰੋਂ ਵੀ ਇਨ੍ਹਾਂ ਵਾਹਨਾਂ ਨੂੰ ਦੇਖ ਸਕੇ। ਉਨ੍ਹਾਂ ਕਿਹਾ ਕਿ ਇਹ ਫੋਰਸ ਸੂਬੇ ਵਿੱਚ ਆਵਾਜਾਈ ਨੂੰ ਸੁਚਾਰੂ ਬਣਾਉਣ ਵਿੱਚ ਅਹਿਮ ਭੂਮਿਕਾ ਨਿਭਾਏਗੀ। ਭਗਵੰਤ ਮਾਨ ਨੇ ਉਮੀਦ ਪ੍ਰਗਟਾਈ ਕਿ ਸੂਬਾ ਸਰਕਾਰ ਦਾ ਇਹ ਨਿਵੇਕਲਾ ਤੇ ਪਲੇਠਾ ਉਪਰਾਲਾ ਦੇਸ਼ ਦੇ ਬਾਕੀ ਰਾਜਾਂ ਵਿੱਚ ਵੀ ਦੁਹਰਾਇਆ ਜਾਵੇਗਾ।

ਮੁੱਖ ਮੰਤਰੀ ਦੇ ਨਾਲ ਡੀ.ਜੀ.ਪੀ. ਪੰਜਾਬ, ਗੌਰਵ ਯਾਦਵ, ਏ.ਡੀ.ਜੀ.ਪੀ. (ਟਰੈਫਿਕ) ਏ.ਐਸ. ਰਾਏ ਅਤੇ ਹੋਰ ਵੀ

# ਆਸਟ੍ਰੇਲੀਆ ਵਿਚ 91 ਲੜਕੀਆਂ ਨਾਲ ਬਲਾਤਕਾਰ ਦਾ ਦੋਸ਼ੀ ਗ੍ਰਿਫਤਾਰ, 9 ਸਾਲ ਬਾਅਦ ਆਇਆ ਪੁਲਿਸ ਦੀ ਗ੍ਰਿਫ਼ਤ ਵਿਚ

ਸਿਡਨੀ, 1 ਅਗਸਤ (ਪੋਸਟ ਬਿਊਰੋ): ਆਸਟ੍ਰੇਲੀਅਨ ਪੁਲਿਸ ਨੇ 25 ਸਾਲਾਂ ਵਿਚ 1623 ਜਿਨਸੀ ਅਪਰਾਧ ਕਰਨ ਵਾਲੇ ਦੋਸ਼ੀ ਨੂੰ ਗ੍ਰਿਫਤਾਰ ਕੀਤਾ ਹੈ। 45 ਸਾਲਾ ਦੋਸ਼ੀ ਦੇ ਨਾਂ ਦਾ ਖੁਲਾਸਾ ਨਹੀਂ ਕੀਤਾ ਗਿਆ ਹੈ। ਸਿਰਫ ਇਹ ਦੱਸਿਆ ਗਿਆ ਹੈ ਕਿ ਉਹ ਦੇਸ਼ ਦੇ ਤਿੰਨ ਸ਼ਹਿਰਾਂ ਵਿਚ ਚਾਈਲਡ ਕੇਅਰ ਅਫਸਰ ਸੀ।





ਦੋਸ਼ੀ ਨੇ 91 ਲੜਕੀਆਂ ਨਾਲ ਬਲਾਤਕਾਰ ਕੀਤਾ। ਆਸਟ੍ਰੇਲੀਆ ਦੇ ਕਾਨੂੰਨ ਮੁਤਾਬਕ ਦੋਸ਼ੀਆਂ ਖਿਲਾਫ ਵੱਖ-ਵੱਖ ਸ਼੍ਰੇਣੀਆਂ 'ਚ ਦੋਸ਼ ਦਾਇਰ ਕੀਤੇ ਗਏ ਹਨ। ਮੀਡੀਆ ਰਿਪੋਰਟਾਂ ਮੁਤਾਬਕ ਪੁਲਿਸ ਨੂੰ ਪਹਿਲੀ ਵਾਰ 2014 ਵਿਚ ਇਸ ਦਾ ਸੁਰਾਗ ਮਿਲਿਆ ਸੀ। ਹਾਲਾਂਕਿ ਹੁਣ ਗ੍ਰਿਫ਼ਤਾਰੀ ਵਿਚ ਸਫਲਤਾ ਮਿਲੀ ਹੈ। ਮੁਲਜ਼ਮਾਂ ਕੋਲੋਂ ਹਜ਼ਾਰਾਂ ਬਾਲ ਅਸ਼ਲੀਲ ਵੀਡੀਓ, ਫੋਟੋਆਂ ਅਤੇ ਕੁਝ ਰੀਲਾਂ ਬਰਾਮਦ ਹੋਈਆਂ ਹਨ।

ਵੱਖ-ਵੱਖ ਆਸਟ੍ਰੇਲੀਅਨ ਮੀਡੀਆ ਰਿਪੋਰਟਾਂ ਵਿਚ ਇਸ ਸਕੈਂਡਲ ਦੀ ਰਿਪੋਰਟ ਕੀਤੀ ਗਈ ਹੈ। ਉਨ੍ਹਾਂ ਮੁਤਾਬਕ ਦੋਸ਼ੀਆਂ ਖਿਲਾਫ ਕੁੱਲ 1623 ਸੈਕਸ ਕ੍ਰਾਈਮ ਦਰਜ ਕੀਤੇ ਗਏ ਹਨ। ਇਨ੍ਹਾਂ ਵਿੱਚ 91 ਚਾਈਲਡ ਕੇਅਰ ਲੜਕੀਆਂ ਨਾਲ ਬਲਾਤਕਾਰ ਦਾ ਦੋਸ਼ ਵੀ ਸ਼ਾਮਿਲ ਹੈ। ਇਨ੍ਹਾਂ ਪੀੜਤਾਂ ਦੀ ਉਮਰ 10 ਸਾਲ ਤੋਂ ਘੱਟ ਹੈ।

ਵੱਖ-ਵੱਖ ਜਿਨਸੀ ਅਪਰਾਧ (ਜਿਨਸੀ ਅਪਰਾਧ) ਸ਼੍ਰੇਣੀ ਵਿਚ ਦਰਜ ਕੇਸਾਂ ਅਨੁਸਾਰ ਇਸ ਸਾਬਕਾ ਚਾਈਲਡ ਕੇਅਰ ਅਫਸਰ ਨੇ ਕੁੱਲ 246 ਵਾਰ ਬਲਾਤਕਾਰ ਕੀਤਾ। ਇਸ ਦੌਰਾਨ 613 ਬੱਚਿਆਂ ਦੀਆਂ ਅਸ਼ਲੀਲ ਵੀਡੀਓਜ਼ ਬਣਾਈਆਂ।

ਪੁਲਿਸ ਅਨੁਸਾਰ ਇਹ ਸਾਰੇ ਜ਼ੁਰਮ 2007 ਤੋਂ 2022 ਦਰਮਿਆਨ ਤਿੰਨ ਸ਼ਹਿਰਾਂ ਦੇ 12 ਚਾਈਲਡ ਕੇਅਰ ਸੈਂਟਰਾਂ ਵਿਚ ਹੋਏ। ਹੈਰਾਨੀ ਦੀ ਗੱਲ ਇਹ ਹੈ ਕਿ ਮੁਲਜ਼ਮ ਖ਼ਿਲਾਫ਼ ਚਾਈਲਡ ਕੇਅਰ ਮਾਹਿਰ ਦਾ ਲਾਈਸੈਂਸ ਵੀ ਫੜ੍ਹਿਆ ਗਿਆ ਸੀ ਅਤੇ ਇਸ ਦੇ ਆਧਾਰ 'ਤੇ ਉਸ ਨੂੰ ਇਨ੍ਹਾਂ ਕੇਂਦਰਾਂ ਵਿਚ ਆਸਾਨੀ ਨਾਲ ਨੌਕਰੀ ਮਿਲ ਜਾਂਦੀ ਸੀ।

ਹੁਣ ਤੱਕ ਦੀ ਜਾਂਚ ਮੁਤਾਬਕ ਪੀੜਤਾਂ ਵਿਚੋਂ 87 ਬੱਚੇ ਆਸਟ੍ਰੇਲੀਆਈ ਹਨ। ਪੁਲਿਸ ਨੂੰ ਭਰੋਸਾ ਹੈ ਕਿ ਉਹ ਨਾ ਸਿਰਫ਼ ਇਨ੍ਹਾਂ ਸਾਰੇ ਬੱਚਿਆਂ ਦੀ ਪਹਿਚਾਣ ਕਰ ਲਵੇਗੀ, ਸਗੋਂ ਉਨ੍ਹਾਂ ਦੇ ਅਤੇ ਉਨ੍ਹਾਂ ਦੇ ਮਾਪਿਆਂ ਦੇ ਬਿਆਨ ਵੀ ਦਰਜ ਕਰ ਲਵੇਗੀ। ਹਾਲਾਂਕਿ, ਕਈ ਮੀਡੀਆ ਰਿਪੋਰਟਾਂ ਵਿਚ ਇਹ ਵੀ ਦਾਅਵਾ ਕੀਤਾ ਗਿਆ ਹੈ ਕਿ ਸਾਰੇ ਬੱਚਿਆਂ ਦਾ ਪਤਾ ਲਗਾਉਣਾ ਬਹੁਤ ਮੁਸ਼ਕਿਲ ਸਾਬਤ ਹੋ ਸਕਦਾ ਹੈ, ਕਿਉਂਕਿ ਉਨ੍ਹਾਂ ਵਿਚੋਂ ਬਹੁਤ ਸਾਰੇ ਹੁਣ ਆਪਣੇ ਮਾਤਾ-ਪਿਤਾ ਨਾਲ ਆਸਟ੍ਰੇਲੀਆ ਤੋਂ

# ਡੌਕਸੁਰੀ ਟਾਈਫੂਨ ਨਾਲ ਚੀਨ ਵਿੱਚ 11 ਮੌਤਾਂ, 27 ਲਾਪਤਾ

ਬੀਜਿੰਗ, 1 ਅਗਸਤ (ਪੋਸਟ ਬਿਊਰੋ): ਚੀਨ ਵਿਚ ਡੋਕਸੁਰੀ ਟਾਈਫੂਨ ਤੂਫਾਨ ਕਾਰਣ 11 ਲੋਕਾਂ ਦੀ ਮੌਤ ਹੋ ਗਈ ਜਦਕਿ 27 ਲੋਕ ਲਾਪਤਾ ਹਨ। ਚੀਨ ਦੀ ਰਾਜਧਾਨੀ ਬੀਜਿੰਗ ਵਿਚ ਪਿਛਲੇ 70 ਸਾਲਾਂ ਵਿਚ ਸਭ ਤੋਂ ਵੱਧ 257.9 ਮਿਲੀਮੀਟਰ ਮੀਹ ਦਰਜ ਕੀਤਾ ਗਿਆ ਹੈ। ਇਸ ਤੋਂ ਪਹਿਲਾਂ 1951 ਵਿਚ ਇਨਾ ਭਾਰੀ ਮੀਂਹ ਪਿਆ ਸੀ। ਸਥਿਤੀ ਦਾ ਅੰਦਾਜ਼ਾ ਇਸ ਗੱਲ ਤੋਂ ਲਗਾਇਆ ਜਾ ਸਕਦਾ ਹੈ ਕਿ ਬਚਾਅ ਕਰਮਚਾਰੀਆਂ ਨੇ ਹੁਣ ਤੱਕ 1 ਲੱਖ 27 ਹਜ਼ਾਰ ਲੋਕਾਂ ਨੂੰ ਬਚਾ ਕੇ ਸੁਰੱਖਿਅਤ ਸਥਾਨ 'ਤੇ ਪਹੁੰਚਾਇਆ ਹੈ।

ਇਸ ਦੇ ਨਾਲ ਹੀ ਰਾਸ਼ਟਰਪਤੀ ਸ਼ੀ ਜਿਨਪਿੰਗ ਨੇ ਵੱਖ-ਵੱਖ ਥਾਵਾਂ 'ਤੇ ਹੜ੍ਹਾਂ ਵਿਚ ਫਸੇ ਲੋਕਾਂ ਨੂੰ ਬਚਾਉਣ ਦੇ ਨਿਰਦੇਸ਼ ਦਿੱਤੇ ਹਨ। ਚੀਨ ਦੇ ਹੜ੍ਹ ਕੰਟਰੋਲ ਵਿਭਾਗ ਮੁਤਾਬਕ ਇਸ ਸਮੇਂ 13 ਜ਼ਿਲ੍ਹਿਆਂ ਦੇ 44,000 ਲੋਕ ਹੜ੍ਹਾਂ ਦੀ ਲਪੇਟ ਵਿਚ ਹਨ।

ਚੀਨ ਦੇ ਸਰਕਾਰੀ ਮੀਡੀਆ ਹਾਊਸ ਸੀ.ਸੀ.ਟੀ.ਵੀ. ਨੇ ਕਿਹਾ ਕਿ ਫੌਜ ਨੇ ਹੜ੍ਹ ਵਿਚ ਫਸੇ ਲੋਕਾਂ ਨੂੰ ਭੋਜਨ, ਰੇਨਕੋਟ ਅਤੇ ਕੰਬਲ ਮੁਹੱਈਆ ਕਰਵਾਉਣ ਲਈ ਚਾਰ ਹੈਲੀਕਾਪਟਰ ਭੇਜੇ ਹਨ।



ਸੋਮਵਾਰ ਰਾਤ ਨੂੰ 5 ਕਸਬਿਆਂ ਵਿਚ ਮੋਬਾਈਲ ਸੰਚਾਰ ਮੁਅੱਤਲ ਕਰ ਦਿੱਤਾ ਗਿਆ ਸੀ। ਸੋਸ਼ਲ ਮੀਡੀਆ 'ਤੇ ਵਾਇਰਲ ਹੋ ਰਹੀਆਂ ਵੀਡੀਓਜ਼ ਵਿਚ ਤੇਜ਼ ਵਹਾਅ ਵਿਚ ਵਾਹਨ ਸੜਕਾਂ 'ਤੇ ਵਗਦੇ ਦੇਖੇ ਜਾ ਸਕਦੇ ਹਨ।

ਬੀਜਿੰਗ ਦੇ ਅੰਤਰਰਾਸ਼ਟਰੀ ਹਵਾਈ ਅੱਡੇ ਤੋਂ ਦਿਨ ਭਰ ਉਡਾਣ ਭਰਨ ਵਾਲੀਆਂ 70 ਉਡਾਣਾਂ ਨੂੰ ਰੱਦ ਕਰ ਦਿੱਤਾ ਗਿਆ ਹੈ। ਇਸ ਦੇ ਨਾਲ ਹੀ 2019 ਵਿੱਚ ਸ਼ੁਰੂ ਹੋਈਆਂ ਡੈਕਸਿੰਗ ਏਅਰਪੋਰਟ ਤੋਂ ਉਡਾਣ ਭਰਨ ਵਾਲੀਆਂ 300 ਉਡਾਣਾਂ ਨੂੰ ਰੱਦ ਕਰ ਦਿੱਤਾ ਗਿਆ ਹੈ। ਲੋਕਾਂ ਨੂੰ ਘਰਾਂ ਦੇ ਅੰਦਰ ਹੀ ਰਹਿਣ ਲਈ ਕਿਹਾ ਗਿਆ ਹੈ। ਸਰਕਾਰ ਨੇ 100 ਤੋਂ ਵੱਧ ਸੜਕਾਂ ਬੰਦ ਕਰ ਦਿੱਤੀਆਂ ਹਨ।

# ਵਿਸ਼ਵ ਗੱਤਕਾ ਫੈਡਰੇਸ਼ਨ ਵੱਲੋਂ ਗੁਰਿੰਦਰ ਸਿੰਘ ਖਾਲਸਾ ਗੱਤਕਾ ਫੈਡਰੇਸ਼ਨ ਅਮਰੀਕਾ ਦੇ ਚੇਅਰਮੈਨ ਨਿਯੁਕਤ

**ਫੈਡਰੇਸ਼ਨ ਦੇ ਪ੍ਰਧਾਨ ਗਰੇਵਾਲ ਤੇ ਜਨਰਲ ਸਕੱਤਰ ਦੀਪ ਸਿੰਘ ਵੱਲੋਂ ਗੁਰਿੰਦਰ ਖਾਲਸਾ ਨੂੰ ਨਵੀਂ ਜ਼ੁੰਮੇਵਾਰੀ ਲਈ ਵਧਾਈਆਂ**

ਚੰਡੀਗੜ੍ਹ, 1 ਅਗਸਤ (ਪੋਸਟ ਬਿਊਰੋ): ਅਮਰੀਕਾ ਵਿੱਚ ਗੱਤਕਾ ਖੇਡ ਨੂੰ ਪ੍ਰਫੁੱਲਤ ਕਰਨ ਦੇ ਉਦੇਸ਼ ਨਾਲ ਵਿਸ਼ਵ ਗੱਤਕਾ ਫੈਡਰੇਸ਼ਨ ਨੇ ਉੱਘੇ ਸਿੱਖ ਆਗੂ, ਉੱਦਮੀ ਅਤੇ ਜਨਤਕ ਬੁਲਾਰੇ ਗੁਰਿੰਦਰ ਸਿੰਘ ਖਾਲਸਾ ਨੂੰ ਗੱਤਕਾ ਫੈਡਰੇਸ਼ਨ ਯੂਐਸਏ ਦਾ ਚੇਅਰਮੈਨ ਨਿਯੁਕਤ ਕੀਤਾ ਹੈ। ਵਿਸ਼ਵ ਗੱਤਕਾ ਫੈਡਰੇਸ਼ਨ (ਡਬਲਯੂ.ਜੀ.ਐਫ.) ਦੇ ਪ੍ਰਧਾਨ ਹਰਜੀਤ ਸਿੰਘ ਗਰੇਵਾਲ ਅਤੇ ਜਨਰਲ ਸਕੱਤਰ ਡਾ. ਦੀਪ ਸਿੰਘ ਨੇ ਗੁਰਿੰਦਰ ਖਾਲਸਾ ਨੂੰ ਇੰਡੀਆਨਾ ਦੇ ਸ਼ਹਿਰ ਫਿਸ਼ਰਜ਼ ਵਿਖੇ ਨਿਯੁਕਤੀ ਪੱਤਰ ਭੇਂਟ ਕੀਤਾ ਅਤੇ ਉਨਾਂ ਨੂੰ ਇਸ ਨਿਯੁਕਤੀ ਲਈ ਦਿਲੋਂ ਵਧਾਈਆਂ ਦਿੱਤੀਆਂ।



ਗੱਤਕਾ ਫੈਡਰੇਸ਼ਨ ਯੂਐਸਏ ਦੇ ਚੇਅਰਮੈਨ ਵਜੋਂ, ਡਬਲਯੂ.ਜੀ.ਐਫ. ਨੇ ਖਾਲਸਾ ਨੂੰ ਦੇਸ਼ ਭਰ ਵਿੱਚ ਗੱਤਕੇ ਦੇ ਅਭਿਆਸ ਨੂੰ ਉਤਸ਼ਾਹਿਤ ਕਰਨ ਅਤੇ ਵਿਸਤਾਰ ਕਰਨ ਦੀ ਜ਼ੁੰਮੇਵਾਰੀ ਸੌਂਪੀ ਹੈ। ਉਨ੍ਹਾਂ ਦੀਆਂ ਜ਼ੁੰਮੇਵਾਰੀਆਂ ਵਿੱਚ ਅਮਰੀਕਾ ਦੇ ਵੱਖ-ਵੱਖ ਰਾਜਾਂ ਵਿੱਚ ਗੱਤਕਾ ਐਸੋਸੀਏਸ਼ਨਾਂ ਦੀ ਸਥਾਪਨਾ ਕਰਨਾ, ਗੱਤਕਾ ਖਿਡਾਰੀਆਂ /ਅਖਾੜਿਆਂ ਨਾਲ ਤਾਲਮੇਲ ਕਰਨਾ, ਦੇਸ਼ ਵਿੱਚ ਮੀਟਿੰਗਾਂ ਅਤੇ ਸਮਾਗਮਾਂ ਦਾ ਆਯੋਜਨ ਕਰਨਾ ਅਤੇ ਗੱਤਕਾ ਮੁਕਾਬਲਿਆਂ ਅਤੇ ਸਮਾਗਮਾਂ ਦੌਰਾਨ ਗੱਤਕਾ ਫੈਡਰੇਸ਼ਨ ਯੂਐਸਏ ਦੀ ਨੁਮਾਇੰਦਗੀ ਕਰਨਾ ਸ਼ਾਮਲ ਹੈ।

ਗੁਰਿੰਦਰ ਸਿੰਘ ਖਾਲਸਾ, ਜੋ ਅਮਰੀਕਾ ਵਿੱਚ ਸਿੱਖਸ ਪੋਲੀਟੀਕਲ ਐਕਸ਼ਨ ਕਮੇਟੀ ਦੇ ਚੇਅਰਮੈਨ ਵਜੋਂ ਵੀ ਸੇਵਾ ਨਿਭਾਅ ਰਹੇ ਹਨ, ਦਾ ਗੱਤਕੇ ਦੇ ਖੇਤਰ ਵਿੱਚ ਉਨ੍ਹਾਂ ਦੀ ਨਵੀਂ ਭੂਮਿਕਾ ਲਈ ਸਵਾਗਤ ਕਰਦੇ ਹੋਏ, ਗੱਤਕਾ ਪ੍ਰਮੋਟਰ ਸ. ਹਰਜੀਤ ਸਿੰਘ ਗਰੇਵਾਲ ਅਤੇ ਡਾ. ਦੀਪ ਸਿੰਘ ਨੇ ਉਮੀਦ ਪ੍ਰਗਟ ਕੀਤੀ ਕਿ ਖਾਲਸਾ ਦਾ ਇਸ ਵਿਰਾਸਤੀ ਖੇਡ ਪ੍ਰਤੀ ਸਮਰਪਣ, ਪਿਆਰ ਅਤੇ ਜੋਸ਼ ਨੂੰ ਦੇਖਦੇ ਹੋਏ ਉਹ ਗੱਤਕਾ ਫੈਡਰੇਸ਼ਨ ਯੂਐਸਏ ਅਤੇ ਡਬਲਯੂ.ਜੀ.ਐਫ. ਦੁਆਰਾ ਇਸ ਪੁਰਾਤਨ ਖੇਡ ਦੀ ਪ੍ਰਫੁੱਲਤਾ ਲਈ ਉਲੀਕੇ ਵਿਸ਼ਵ ਪੱਧਰੀ ਉਦੇਸ਼ਾਂ ਦੀ ਪ੍ਰਾਪਤੀ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਣਗੇ।

ਇਸ ਮੌਕੇ ਗੁਰਿੰਦਰ ਸਿੰਘ ਖਾਲਸਾ ਨੇ ਵੱਕਾਰੀ ਕੌਮੀ ਜ਼ੁੰਮੇਵਾਰੀ ਪ੍ਰਤੀ ਨਾਮਜ਼ਦਗੀ ਲਈ ਡਬਲਯੂ.ਜੀ.ਐੱਫ. ਦਾ ਧੰਨਵਾਦ ਕਰਦਿਆਂ ਉਨ੍ਹਾਂ ਨੂੰ ਭਰੋਸਾ ਦਿਵਾਇਆ ਕਿ ਉਹ ਅਮਰੀਕਾ ਵਿੱਚ ਮਾਰਸ਼ਲ ਆਰਟ ਗੱਤਕੇ ਨੂੰ ਇੱਕ ਖੇਡ ਵਜੋਂ ਅੱਗੇ ਵਧਾਉਣ ਅਤੇ ਉਤਸ਼ਾਹਿਤ ਕਰਨ ਲਈ ਪੂਰੀ ਵਾਹ ਲਾਉਣਗੇ।

# ਤਲਾਸ਼ੀ ਅਭਿਆਨ ਦੇ ਦਿਨ 6ਵੇਂ ਦਿਨ ਪੰਜਾਬ ਪੁਲਿਸ ਨੇ ਐੱਸ.ਟੀ.ਐੱਫ. ਨਾਲ ਸਾਂਝੀ ਕਾਰਵਾਈ ਤਹਿਤ ਰੂਪਨਗਰ, ਐੱਸ.ਬੀ.ਐੱਸ. ਨਗਰ ਵਿਚ ਲਈ ਤਲਾਸ਼ੀ, 27 ਵਿਅਕਤੀ ਕਾਬੂ

**ਪੁਲਿਸ ਟੀਮਾਂ ਨੇ ਇੱਕ ਪਿਸਤੌਲ, 331 ਗ੍ਰਾਮ ਹੈਰੋਇਨ, 2000 ਲੀਟਰ ਨਜਾਇਜ਼ ਸ਼ਰਾਬ ਵੀ ਕੀਤੀ ਬਰਾਮਦ**

ਚੰਡੀਗੜ੍ਹ, 1 ਅਗਸਤ (ਪੋਸਟ ਬਿਊਰੋ): ਮੁੱਖ ਮੰਤਰੀ ਭਗਵੰਤ ਮਾਨ ਦੇ ਸੁਪਨੇ ਅਨੁਸਾਰ ਪੰਜਾਬ ਨੂੰ ਅਪਰਾਧ-ਮੁਕਤ ਅਤੇ ਨਸ਼ਾ-ਮੁਕਤ ਸੂਬਾ ਬਣਾਉਣ ਦੇ ਮੱਦੇਨਜ਼ਰ ਚਲਾਈ ਜਾ ਰਹੀ ਮੁਹਿੰਮ ਦੌਰਾਨ ਪੰਜਾਬ ਪੁਲਸ ਨੇ ਮੰਗਲਵਾਰ ਨੂੰ ਵਿਸ਼ੇਸ਼ ਟਾਸਕ ਫੋਰਸ (ਐੱਸ.ਟੀ.ਐੱਫ.) ਨਾਲ ਸਾਂਝੇ ਕਾਰਵਾਈ ਤਹਿਤ ਛੇਵੇਂ ਦਿਨ ਵੀ ਆਪਣਾ ਵਿਸ਼ੇਸ਼ ਘੇਰਾਬੰਦੀ ਅਤੇ ਤਲਾਸ਼ੀ ਅਭਿਆਨ (ਕਾਸੋ) ਜਾਰੀ ਰੱਖਿਆ, ਜੋ ਨਸ਼ਾ ਤਸਕਰੀ, ਸਮਾਜ ਵਿਰੋਧੀ ਅਨਸਰਾਂ ਅਤੇ ਅਪਰਾਧੀਆਂ 'ਤੇ ਨੂੰ ਠੱਲ੍ਹ ਪਾਉਣ 'ਤੇ ਕੇਂਦਰਿਤ ਹੈ। ਡੀਜੀਪੀ ਪੰਜਾਬ ਗੌਰਵ ਯਾਦਵ ਦੇ ਦਿਸ਼ਾ-ਨਿਰਦੇਸ਼ਾਂ 'ਤੇ ਅੱਜ ਦਾ ਤਲਾਸ਼ੀ ਅਭਿਆਨ ਰੂਪਨਗਰ ਅਤੇ ਐਸਬੀਐਸ ਨਗਰ ਸਮੇਤ ਦੋ ਜ਼ਿਲ੍ਹਿਆਂ ਵਿੱਚ ਕੀਤਾ ਗਿਆ।



ਆਪ੍ਰੇਸ਼ਨ ਦੀ ਅਗਵਾਈ ਇੰਸਪੈਕਟਰ ਜਨਰਲ ਆਫ਼ ਪੁਲਿਸ (ਆਈ.ਜੀ.ਪੀ.) ਰੋਪੜ ਰੇਂਜ ਗੁਰਪ੍ਰੀਤ ਸਿੰਘ ਭੁੱਲਰ ਅਤੇ ਐਸ.ਐਸ.ਪੀ. ਰੂਪਨਗਰ ਵਿਵੇਕ ਸ਼ੀਲ ਸੋਨੀ ਨੇ ਰੂਪਨਗਰ ਵਿੱਚ ਕੀਤੀ, ਜਦੋਂ ਕਿ ਜ਼ਿਲ੍ਹਾ ਐਸ.ਬੀ.ਐਸ. ਨਗਰ ਵਿੱਚ ਆਈਜੀਪੀ ਲੁਧਿਆਣਾ ਰੇਂਜ ਕੌਸਤੁਭ ਸ਼ਰਮਾ ਅਤੇ ਐਸ.ਐਸ.ਪੀ. ਅਖਿਲ ਚੌਧਰੀ ਨੇ ਕਾਰਵਾਈ ਨੂੰ ਅੰਜਾਮ ਦਿੱਤਾ।

ਇਸ ਸਬੰਧੀ ਜਾਣਕਾਰੀ ਦਿੰਦੇ ਹੋਏ, ਵਿਸ਼ੇਸ਼ ਡੀਜੀਪੀ ਲਾਅ ਐਂਡ ਆਰਡਰ ਅਰਪਿਤ ਸ਼ੁਕਲਾ ਨੇ ਦੱਸਿਆ ਕਿ ਪੁਲਿਸ ਟੀਮਾਂ ਨੇ ਆਪਰੇਸ਼ਨ ਦੌਰਾਨ 16 ਐਫ.ਆਈ.ਆਰਜ਼. ਦਰਜ ਕਰਕੇ 27 ਸਮਾਜ ਵਿਰੋਧੀ ਅਨਸਰਾਂ ਨੂੰ ਗ੍ਰਿਫਤਾਰ ਕੀਤਾ ਹੈ। ਪੁਲਿਸ ਟੀਮਾਂ ਨੇ ਇਨ੍ਹਾਂ ਕੋਲੋਂ .315 ਬੋਰ ਦਾ ਇੱਕ ਪਿਸਤੌਲ, 331 ਗ੍ਰਾਮ ਹੈਰੋਇਨ ਅਤੇ 2000 ਲੀਟਰ ਨਾਜਾਇਜ਼ ਸ਼ਰਾਬ ਵੀ ਬਰਾਮਦ ਕੀਤੀ ਹੈ।

ਉਨ੍ਹਾਂ ਕਿਹਾ ਕਿ 900 ਤੋਂ ਵੱਧ ਪੁਲਿਸ ਮੁਲਾਜ਼ਮਾਂ ਦੀ ਮਜ਼ਬੂਤ ਫੋਰਸ ਨੇ ਇਸ ਮਹੱਤਵਪੂਰਨ ਅਭਿਆਨ ਨੂੰ ਅੰਜਾਮ ਦਿੱਤਾ । ਉਨ੍ਹਾਂ ਦੱਸਿਆ ਕਿ ਸਮਾਜ ਵਿਰੋਧੀ ਅਨਸਰਾਂ ਨੂੰ ਗ੍ਰਿਫਤਾਰ ਕਰਨ ਤੋਂ ਇਲਾਵਾ ਪੁਲਿਸ ਟੀਮਾਂ ਨੇ ਚਾਰ ਭਗੌੜੇ ਵੀ ਕਾਬੂ ਕੀਤੇ ਹਨ 132 ਦੇ ਕਰੀਬ ਸ਼ੱਕੀ ਵਿਅਕਤੀਆਂ ਨੂੰ ਪੁੱਛਗਿੱਛ ਲਈ ਹਿਰਾਸਤ ਵਿੱਚ ਲਿਆ ਹੈ।

ਸਪੈਸ਼ਲ ਡੀਜੀਪੀ ਨੇ ਕਿਹਾ ਕਿ ਅਜਿਹੇ ਅਪਰੇਸ਼ਨਾਂ ਨੂੰ ਚਲਾਉਣ ਦਾ ਮਕਸਦ ਆਮ ਲੋਕਾਂ ਵਿੱਚ ਸੁਰੱਖਿਆ ਦੀ ਭਾਵਨਾ ਪੈਦਾ ਕਰਨਾ ਅਤੇ ਸਮਾਜ ਵਿਰੋਧੀ ਅਨਸਰਾਂ ਵਿੱਚ ਪੁਲਿਸ ਦਾਡਰ ਪੈਦਾ ਕਰਨ ਲਈ ਫੀਲਡ ਵਿੱਚ ਪੁਲਿਸ ਫੋਰਸ ਦੀ ਮੌਜੂਦਗੀ ਨੂੰ ਵਧਾਉਣਾ ਹੈ। ਉਨ੍ਹਾਂ ਕਿਹਾ ਕਿ ਸੂਬੇ ਵਿੱਚੋਂ ਨਸ਼ਿਆਂ ਦੀ ਅਲਾਮਤ ਨੂੰ ਪੂਰੀ ਤਰ੍ਹਾਂ ਜੜ੍ਹੋਂ ਪੁੱਟਣ ਲਈ ਅਜਿਹੇ ਆਪ੍ਰੇਸ਼ਨ ਆਉਣ ਵਾਲੇ ਦਿਨਾਂ ਵਿੱਚ ਵੀ ਜਾਰੀ ਰਹਿਣਗੇ

# ਅਮਨ ਅਰੋੜਾ ਦੀ ਮੌਜੂਦਗੀ ਵਿੱਚ ਪੇਡਾ ਵੱਲੋਂ ਈ-ਮੋਬੀਲਿਟੀ ਲਈ ਸੈਂਟਰ ਆਫ ਐਕਸੀਲੈਂਸ ਸਥਾਪਤ ਕਰਨ ਵਾਸਤੇ ਆਈ.ਆਈ.ਟੀ. ਰੋਪੜ ਨਾਲ ਸਮਝੌਤਾ ਸਹੀਬੱਧ

ਚੰਡੀਗੜ੍ਹ, 1 ਅਗਸਤ (ਪੋਸਟ ਬਿਊਰੋ): ਪੰਜਾਬ ਨੂੰ ਸਾਫ਼-ਸੁਥਰੀ ਊਰਜਾ ਦੇ ਉਤਪਾਦਨ ਵਿੱਚ ਦੇਸ਼ 'ਚੋਂ ਮੋਹਰੀ ਸੂਬਾ ਬਣਾਉਣ ਲਈ ਪੰਜਾਬ ਊਰਜਾ ਵਿਕਾਸ ਏਜੰਸੀ (ਪੇਡਾ) ਨੇ ਅੱਜ ਨਵੀਂ ਅਤੇ ਨਵਿਆਉਣਯੋਗ ਊਰਜਾ ਸਰੋਤ ਮੰਤਰੀ ਸ੍ਰੀ ਅਮਨ ਅਰੋੜਾ ਦੀ ਮੌਜੂਦਗੀ ਵਿੱਚ ਸੂਬੇ ਵਿੱਚ ਈ-ਮੋਬਿਲਿਟੀ ਲਈ ਸੈਂਟਰ ਆਫ਼ ਐਕਸੀਲੈਂਸ (ਸੀ.ਓ.ਈ.) ਦੀ ਸਥਾਪਨਾ ਦੇ ਨਾਲ ਨਾਲ ਗ੍ਰੀਨ ਹਾਈਡ੍ਰੋਜਨ ਦੇ ਉਤਪਾਦਨ ਲਈ ਸਾਂਝੇ ਤੌਰ 'ਤੇ ਉਪਰਾਲੇ ਕਰਨ ਲਈ ਇੰਡੀਅਨ ਇੰਸਟੀਚਿਊਟ ਆਫ਼ ਟੈਕਨਾਲੋਜੀ (ਆਈ.ਆਈ.ਟੀ.), ਰੋਪੜ ਨਾਲ ਸਮਝੌਤਾ ਸਹੀਬੱਧ ਕੀਤਾ।

ਇਹ ਸਮਝੌਤਾ ਪੰਜਾਬ ਸਿਵਲ ਸਕੱਤਰੇਤ-1 ਵਿਖੇ ਪੇਡਾ ਦੇ ਮੁੱਖ ਕਾਰਜਕਾਰੀ ਅਧਿਕਾਰੀ ਡਾ. ਰਵੀ ਭਗਤ ਅਤੇ ਆਈ.ਆਈ.ਟੀ. ਰੋਪੜ ਦੇ ਡਾਇਰੈਕਟਰ ਪ੍ਰੋ. ਰਾਜੀਵ ਆਹੂਜਾ ਵੱਲੋਂ ਸਹੀਬੱਧ ਕੀਤਾ ਗਿਆ।



ਸਮਝੌਤਾ ਸਹੀਬੱਧ ਕਰਨ ਉਪਰੰਤ ਸ੍ਰੀ ਅਮਨ ਅਰੋੜਾ ਨੇ ਦੱਸਿਆ ਕਿ ਪੇਡਾ ਅਤੇ ਆਈ.ਆਈ.ਟੀ. ਰੋਪੜ ਵੱਲੋਂ ਬਾਇਓਮਾਸ ਤੋਂ ਗ੍ਰੀਨ ਹਾਈਡ੍ਰੋਜਨ ਦੇ ਉਤਪਾਦਨ ਲਈ ਇੱਕ ਪਾਇਲਟ ਪ੍ਰਾਜੈਕਟ ਸ਼ੁਰੂ ਕਰਨ ਤੋਂ ਇਲਾਵਾ ਈ-ਮੋਬਿਲਿਟੀ ਸੈਕਟਰ ਲਈ ਸੈਂਟਰ ਆਫ ਐਕਸੀਲੈਂਸ ਰਾਹੀਂ ਮੈਨਪਾਵਰ ਦੀ ਸਕਿੱਲ ਟਰਾਂਸਫਰ ਟਰੇਨਿੰਗ ਦੇ ਨਾਲ-ਨਾਲ ਆਈ.ਆਈ.ਟੀ. ਰੋਪੜ ਕੈਂਪਸ ਵਿਖੇ 1 ਮੈਗਾਵਾਟ ਦਾ ਖੇਤੀਬਾੜੀ-ਪੀ.ਵੀ. ਪ੍ਰਾਜੈਕਟ ਸਥਾਪਤ ਕਰਨ ਲਈ ਮਿਲ ਕੇ ਕੰਮ ਕੀਤਾ ਜਾਵੇਗਾ।

ਗ੍ਰੀਨ ਹਾਈਡ੍ਰੋਜਨ ਉਤਪਾਦਨ ਦੇ ਖੇਤਰ ਵਿੱਚ ਖੋਜ ਅਤੇ ਵਿਕਾਸ ਸਬੰਧੀ ਪਹਿਲਕਦਮੀ ਕਰਨ ਲਈ ਆਈ.ਆਈ.ਟੀ. ਰੋਪੜ ਦੇ ਯਤਨਾਂ ਦੀ ਸ਼ਲਾਘਾ ਕਰਦਿਆਂ ਕੈਬਨਿਟ ਮੰਤਰੀ ਨੇ ਕਿਹਾ ਕਿ ਇਸ ਸਮਝੌਤੇ ਨਾਲ ਇਲੈਕਟ੍ਰਿਕ ਅਤੇ ਸਬੰਧਤ ਵਾਹਨਾਂ ਦੇ ਪ੍ਰਚਲਣ ਦਾ ਰਾਹ ਪੱਧਰਾ ਹੋਵੇਗਾ, ਜਿਸ ਵਿੱਚ ਯੂਟੀਲਿਟੀ ਵਾਹਨ, ਹਲਕੇ ਵਪਾਰਕ ਵਾਹਨਾਂ ਸਮੇਤ ਵਾਹਨਾਂ ਦੀ ਇੱਕ ਵਿਆਪਕ ਸ਼੍ਰੇਣੀ ਨੂੰ ਕਵਰ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸੂਬੇ ਨੂੰ ਸਾਫ਼ ਅਤੇ ਸਵੱਛ ਊਰਜਾ ਦੇ ਉਤਪਾਦਨ ਵਿੱਚ ਮੋਹਰੀ ਸੂਬਾ ਬਣਾਉਣ ਲਈ ਠੋਸ ਉਪਰਾਲੇ ਕੀਤੇ ਜਾ ਰਹੇ ਹਨ।

ਪੇਡਾ ਦੇ ਡਾਇਰੈਕਟਰ ਐਮ.ਪੀ. ਸਿੰਘ ਨੇ ਗ੍ਰੀਨ ਹਾਈਡ੍ਰੋਜਨ ਦੇ ਖੇਤਰ ਵਿੱਚ ਖੋਜ ਅਤੇ ਵਿਕਾਸ ਨਾਲ ਸਬੰਧਤ ਪ੍ਰਾਜੈਕਟਾਂ ਨੂੰ ਸ਼ੁਰੂ ਕਰਨ ਬਾਰੇ ਚਰਚਾ ਕੀਤੀ।

ਇਸ ਮੌਕੇ ਪੰਜਾਬ ਜੈਨਕੋ ਲਿਮਟਿਡ ਦੇ ਚੇਅਰਮੈਨ ਨਵਜੋਤ ਸਿੰਘ ਮੰਡੇਰ (ਜਰਗ), ਜੁਆਇੰਟ ਡਾਇਰੈਕਟਰ ਪੇਡਾ ਕੁਲਬੀਰ ਸਿੰਘ ਸੰਧੂ, ਆਈ.ਆਈ.ਟੀ. ਰੋਪੜ ਦੇ ਐਸੋਸੀਏਟ ਡੀਨ (ਆਰ.ਐਂਡ.ਡੀ.) ਡਾ. ਪੁਸ਼ਪਿੰਦਰ ਪੀ. ਸਿੰਘ ਅਤੇ ਐਸੋਸੀਏਟ ਪ੍ਰੋਫੈਸਰ ਮਕੈਨੀਕਲ ਇੰਜੀਨੀਅਰਿੰਗ ਡਾ. ਧੀਰਜ ਕੇ. ਮਹਾਜਨ ਵੀ ਹਾਜ਼ਰ ਸਨ।

# 80 ਸਾਲਾ ਅਮਰੀਕੀ ਰਾਸ਼ਟਰਪਤੀ ਬਿਡੇਨ ਬੀਚ 'ਤੇ ਬਿਨ੍ਹਾਂ ਕਮੀਜ਼ ਦੇ ਆਏ ਨਜ਼ਰ

ਵਾਸ਼ਿੰਗਟਨ, 1 ਅਗਸਤ (ਪੋਸਟ ਬਿਊਰੋ): ਅਮਰੀਕਾ ਦੇ 80 ਸਾਲਾ ਰਾਸ਼ਟਰਪਤੀ ਜੋਅ ਬਿਡੇਨ ਕੁਝ ਦਿਨ ਪਹਿਲਾਂ ਆਪਣੇ ਪਰਿਵਾਰ ਨਾਲ ਛੁੱਟੀਆਂ ਮਨਾਉਣ ਡੇਲਾਵੇਅਰ ਗਏ ਸਨ। ਇੱਥੇ ਇੱਕ ਬੀਚ 'ਤੇ ਬਿਡੇਨ ਦੀਆਂ ਕਮੀਜ਼ ਰਹਿਤ ਫੋਟੋਆਂ ਵਾਇਰਲ ਹੋ ਰਹੀਆਂ ਹਨ। ਏ.ਐੱਫ.ਪੀ. ਅਨੁਸਾਰ, ਬਿਡੇਨ ਦਾ ਡੇਲਾਵੇਅਰ ਦੇ ਰੇਹੋਬੋਥ ਵਿੱਚ ਇੱਕ ਫਾਰਮ ਹਾਊਸ ਹੈ। ਉਹ ਨੇੜੇ ਬੀਚ 'ਤੇ ਧੁੱਪ ਸੇਕ ਰਹੇ ਸਨ, ਜਦੋਂ ਇਕ ਪੱਤਰਕਾਰ ਨੇ ਉਨ੍ਹਾਂ ਦੀਆਂ ਤਸਵੀਰਾਂ ਖਿੱਚੀਆਂ।



ਤਸਵੀਰਾਂ ਵਿਚ, ਬਿਡੇਨ ਨੀਲੇ ਤੈਰਾਕੀ ਟਰੰਕ, ਨੀਲੇ ਟੈਨਿਸ ਜੁੱਤੇ, ਇੱਕ ਬੇਸਬਾਲ ਕੈਪ ਅਤੇ ਸਨਗਲਾਸ ਪਹਿਨੇ ਹੋਏ ਦਿਖਾਈ ਦੇ ਰਹੇ ਹਨ। ਇਸ ਦੌਰਾਨ ਉਨ੍ਹਾਂ ਨਾਲ ਉਨ੍ਹਾਂ ਦੀ ਪਤਨੀ ਜਿਲ ਬਿਡੇਨ ਅਤੇ 22 ਸਾਲਾ ਪੋਤੀ ਫਿਨੇਗਨ ਵੀ ਮੌਜੂਦ ਸਨ। ਹਾਲਾਂਕਿ ਇਸ ਦੌਰਾਨ ਉਨ੍ਹਾਂ ਦਾ ਬੇਟਾ ਹੰਟਰ ਬਿਡੇਨ ਉਨ੍ਹਾਂ ਨਾਲ ਨਹੀਂ ਸੀ।

ਬੀਚ 'ਤੇ ਬਿਡੇਨ ਦੇ ਆਲੇ-ਦੁਆਲੇ ਸੀਕ੍ਰੇਟ ਸਰਵਿਸ ਦੀ ਕਾਫੀ ਮਜ਼ਬੂਤ ਸੁਰੱਖਿਆ ਸੀ। ਸੀਕਰੇਟ ਸਰਵਿਸ ਏਜੰਟ ਵੀ ਰਸਮੀ ਕੋਰਟ-ਪੈਂਟ ਦੀ ਬਜਾਏ ਆਮ ਲੋਕਾਂ ਵਿਚ ਖੜ੍ਹੇ ਸਨ।

ਇਸ ਦੌਰਾਨ ਬਿਡੇਨ ਦੀਆਂ ਛੁੱਟੀਆਂ ਦਾ ਮੁੱਦਾ ਕਈ ਵਾਰ ਅਮਰੀਕੀ ਸੰਸਦ ਵਿਚ ਉਠਾਇਆ ਗਿਆ ਹੈ। ਰਿਪੋਰਟਾਂ ਮੁਤਾਬਕ ਬਤੌਰ ਰਾਸ਼ਟਰਪਤੀ ਜੋ ਬਿਡੇਨ ਹਰ 10 ਦਿਨਾਂ ਵਿਚੋਂ 4 ਦਿਨ ਦੀ ਛੁੱਟੀ ਲੈ ਰਹੇ ਹਨ।

# ਏਅਰਫੋਰਸ ਦੇ ਐੱਮ.ਆਈ. 17 ਨਾਲ ਖਰਾਬ ਹੈਲੀਕਾਪਟਰ ਨੂੰ ਕੀਤਾ ਗਿਆ ਏਅਰਲਿਫਟ

ਜੰਮੂ, 1 ਅਗਸਤ (ਪੋਸਟ ਬਿਊਰੋ): ਭਾਰਤੀ ਹਵਾਈ ਫੌਜ ਦੇ ਐੱਮ.ਆਈ.17 ਵੀ5 ਹੈਲੀਕਾਪਟਰ ਨੇ ਮੰਗਲਵਾਰ ਨੂੰ ਅਮਰਨਾਥ ਦੇ ਪੰਚਤਰਨੀ ਹੈਲੀਪੈਡ ਤੋਂ ਇੱਕ ਨਿੱਜੀ ਕੰਪਨੀ ਦੇ ਖਰਾਬ ਹੈਲੀਕਾਪਟਰ ਨੂੰ ਏਅਰ-ਲਿਫਟ ਕੀਤਾ। 11,500 ਫੁੱਟ ਦੀ ਉਚਾਈ 'ਤੇ ਭਾਰਤੀ ਹਵਾਈ ਫੌਜ ਲਈ ਇਹ ਇੱਕ ਮੁਸ਼ਕਿਲ ਮਿਸ਼ਨ ਸੀ। ਇਹ ਸਫਲਤਾਪੂਰਵਕ ਕੀਤਾ ਗਿਆ ਸੀ। ਖ਼ਰਾਬ ਹੈਲੀਕਾਪਟਰ ਇੱਕ ਨਿੱਜੀ ਕੰਪਨੀ ਦਾ ਹੈ। ਇਸ ਦੀ ਵਰਤੋਂ ਸ਼ਰਧਾਲੂਆਂ ਨੂੰ ਅਮਰਨਾਥ ਯਾਤਰਾ ਤੱਕ ਲਿਜਾਣ ਲਈ ਕੀਤੀ ਜਾ ਰਹੀ ਸੀ। ਹਾਲਾਂਕਿ ਭਾਰਤੀ ਹਵਾਈ ਫੌਜ ਅਤੇ ਭਾਰਤੀ ਫੌਜ ਨੂੰ ਲੋੜੀਂਦੇ ਭਾਰੀ ਹਥਿਆਰਾਂ ਨੂੰ ਕਈ ਵਾਰ ਏਅਰਲਿਫਟ ਕੀਤਾ ਜਾਂਦਾ ਹੈ, ਪਰ ਸ਼ਾਇਦ ਇਹ ਪਹਿਲੀ ਵਾਰ ਸੀ ਜਦੋਂ ਇੱਕ ਹੈਲੀਕਾਪਟਰ ਨਾਲ ਦੂਜੇ ਹੈਲੀਕਾਪਟਰ ਨੂੰ ਏਅਰਲਿਫਟ ਕੀਤਾ ਗਿਆ ਹੋਵੇ। ਇਹ ਮਿਸ਼ਨ ਵੀ ਚੁਣੌਤੀਪੂਰਨ ਸੀ ਕਿਉਂਕਿ ਇਹ ਅਪਰੇਸ਼ਨ 11,500 ਫੁੱਟ ਦੀ ਉਚਾਈ 'ਤੇ ਕੀਤਾ ਜਾਣਾ ਸੀ। ਭਾਰਤੀ ਹਵਾਈ ਫੋਜ ਵਲੋਂ ਦੱਸਿਆ ਗਿਆ ਕਿ ਨਿੱਜੀ ਕੰਪਨੀ ਦੇ ਹੈਲੀਕਾਪਟਰ ਨੂੰ ਏਅਰਲਿਫਟ ਕਰਨ ਤੋਂ ਬਾਅਦ, ਐੱਮਆਈ-17 ਵੀ5 ਦੇ ਪਾਇਲਟਾਂ ਨੂੰ ਅਮਰਨਾਥ ਦੇ ਆਲੇ-ਦੁਆਲੇ ਤੰਗ ਘਾਟੀਆਂ ਵਿਚ ਕੁਸ਼ਲਤਾ ਨਾਲ ਕੰਮ ਕਰਨਾ ਪਿਆ, ਜਿਸ ਵਿਚ ਗਲਤੀ ਦੀ ਗੁੰਜਾਇਸ਼ ਬਹੁਤ ਘੱਟ ਸੀ।



# 5 ਸਾਲਾਂ ਵਿਚ 53 ਹਜ਼ਾਰ ਸੀ.ਏ.ਪੀ.ਐੱਫ. ਦੇ ਜਵਾਨਾਂ ਨੇ ਛੱਡੀ ਨੌਕਰੀ

ਨਵੀਂ ਦਿੱਲੀ, 1 ਅਗਸਤ (ਪੋਸਟ ਬਿਊਰੋ): ਪਿਛਲੇ ਪੰਜ ਸਾਲਾਂ ਵਿਚ (2018 ਤੋਂ 2022 ਤੱਕ), ਕੇਂਦਰੀ ਹਥਿਆਰਬੰਦ ਪੁਲਿਸ ਬਲ (ਸੀ.ਏ.ਪੀ.ਐੱਫ.) ਦੇ 53, 336 ਕਰਮਚਾਰੀਆਂ ਨੇ ਨੌਕਰੀ ਛੱਡ ਦਿੱਤੀ ਹੈ। ਇਸ ਵਿੱਚ 47,000 ਸੈਨਿਕਾਂ ਨੇ ਸਵੈ-ਇੱਛਾ ਨਾਲ ਸੇਵਾਮੁਕਤੀ ਲੈ ਲਈ ਹੈ। ਇਸ ਦੇ ਨਾਲ ਹੀ 6,336 ਜਵਾਨਾਂ ਨੇ ਅਸਤੀਫਾ ਦੇ ਦਿੱਤਾ ਹੈ। ਇਸ ਦੇ ਨਾਲ ਹੀ 658 ਜਵਾਨਾਂ ਨੇ ਖੁਦਕੁਸ਼ੀ ਕੀਤੀ ਹੈ। ਕੇਂਦਰ ਸਰਕਾਰ ਨੇ ਮੰਗਲਵਾਰ ਨੂੰ ਲੋਕ ਸਭਾ ਵਿਚ ਇਸ ਦੀ ਜਾਣਕਾਰੀ ਦਿੱਤੀ।

ਕੇਂਦਰੀ ਗ੍ਰਹਿ ਰਾਜ ਮੰਤਰੀ ਨਿਤਿਆਨੰਦ ਰਾਏ ਨੇ ਦੱਸਿਆ ਕਿ ਸਾਲ 2018 ਵਿਚ 10,940 ਜਵਾਨ, 2019 ਵਿੱਚ 10,323, 2020 ਵਿੱਚ 7,690, 2021 ਵਿੱਚ 12,003 ਅਤੇ 12,380 ਜਵਾਨਾਂ ਨੇ ਨੌਕਰੀ ਛੱਡ ਦਿੱਤੀ। ਉਨ੍ਹਾਂ ਇਹ ਜਾਣਕਾਰੀ ਕਾਂਗਰਸ ਦੇ ਸੰਸਦ ਮੈਂਬਰ ਮਾਨੀਕਮ ਟੈਗੋਰ ਦੇ ਇੱਕ ਲਿਖਤੀ ਸਵਾਲ ਦੇ ਜਵਾਬ ਵਿੱਚ ਦਿੱਤੀ।



ਅੰਕੜਿਆਂ ਮੁਤਾਬਕ ਸੀਮਾ ਸੁਰੱਖਿਆ ਬਲ (ਬੀ.ਐੱਸ.ਐੱਫ.) ਦੇ 23,553 ਜਵਾਨਾਂ ਨੇ ਨੌਕਰੀ ਛੱਡ ਦਿੱਤੀ, ਜਿਨ੍ਹਾਂ 'ਚੋਂ 21,692 ਨੇ ਸੇਵਾਮੁਕਤੀ ਲੈ ਲਈ ਅਤੇ 1861 ਨੇ ਨੌਕਰੀ ਤੋਂ ਅਸਤੀਫਾ ਦੇ ਦਿੱਤਾ। ਇਸ ਦੇ ਨਾਲ ਹੀ ਕੇਂਦਰੀ ਰਿਜ਼ਰਵ ਪੁਲਿਸ ਬਲ (ਸੀਆਰਪੀਐੱਫ) ਦੇ 13,640 ਜਵਾਨਾਂ ਨੇ ਨੌਕਰੀ ਛੱਡ ਦਿੱਤੀ ਹੈ। ਜਿਸ ਵਿੱਚ 13,027 ਨੇ ਆਪਣੇ ਤੌਰ 'ਤੇ ਰਿਟਾਇਰਮੈਂਟ ਲੈ ਲਈ ਅਤੇ 613 ਨੇ ਅਸਤੀਫਾ ਦੇ ਦਿੱਤਾ। ਅਸਾਮ ਰਾਈਫਲਜ਼ ਤੋਂ 5,393 ਨੇ ਸੇਵਾ ਛੱਡ ਦਿੱਤੀ। 5,313 ਨੇ ਰਿਟਾਇਰਮੈਂਟ ਲੈ ਲਈ ਅਤੇ 80 ਜਵਾਨਾਂ ਨੇ ਅਸਤੀਫਾ ਦੇ ਦਿੱਤਾ।

ਕੇਂਦਰੀ ਉਦਯੋਗਿਕ ਸੁਰੱਖਿਆ ਬਲ (ਸੀਆਈਐੱਸਐੱਫ) ਦੇ 5,151 ਕਰਮਚਾਰੀਆਂ ਨੇ ਨੌਕਰੀ ਛੱਡ ਦਿੱਤੀ। ਸੀਆਈਐੱਸਐੱਫ ਦੇ 2,868 ਕਰਮਚਾਰੀਆਂ ਨੇ ਰਿਟਾਇਰਮੈਂਟ ਲੈ ਲਈ ਅਤੇ 2,283 ਨੇ ਅਸਤੀਫਾ ਦੇ ਦਿੱਤਾ। ਅੰਕੜਿਆਂ ਅਨੁਸਾਰ 3,165 ਜਵਾਨਾਂ ਨੇ ਇੰਡੋ-ਤਿੱਬਤੀਅਨ ਬਾਰਡਰ ਪੁਲਿਸ (ਆਈਟੀਬੀਪੀ) ਤੋਂ ਸੇਵਾ ਛੱਡ ਦਿੱਤੀ ਹੈ। ਇਨ੍ਹਾਂ ਵਿੱਚੋਂ 2,354 ਨੇ ਵੀ.ਆਰ. ਲਿਆ ਅਤੇ 811 ਨੇ ਅਸਤੀਫਾ ਦੇ ਦਿੱਤਾ। ਜਦੋਂਕਿ ਸਸ਼ਤਰ ਸੀਮਾ ਬਲ (ਐੱਸ.ਐੱਸ.ਬੀ.) ਦੇ 2,434 ਜਵਾਨਾਂ ਨੇ ਸੇਵਾ ਛੱਡ ਦਿੱਤੀ, 1,746 ਨੇ ਸਵੈ-ਇੱਛਾ ਨਾਲ ਸੇਵਾਮੁਕਤੀ ਲਈ ਅਤੇ 688 ਨੇ ਅਸਤੀਫਾ ਦੇ ਦਿੱਤਾ।




ਕੈਨੇਡੀਅਨ ਪੰਜਾਬੀ ਪੋਸਟ
Award winning news paper | Canadian Punjabi Post

# CLASSIFIEDS

Starting at just $10
ਕਿਸੇ ਵੀ ਤਰ੍ਹਾਂ ਦੀ ਐਡ ਦੇਣ ਲਈ
ਕਾਲ ਕਰੋ: 905-793-2202

## Matrimonial
ਰਿਸ਼ਤੇ ਹੀ ਰਿਸ਼ਤੇ

Starting at just $10
ਵਿਆਹ ਸ਼ਾਦੀ ਦਾ ਇਸ਼ਤਿਹਾਰ ਦੇਣ ਲਈ
ਕਾਲ ਕਰੋ: 905-793-2202

## ਲੜਕੀ ਦੀ ਲੋੜ

Sikh Ramgarhia Boy, well settled family in Canada is looking for a suitable match for their 32-year-old son. Doing business in Ontario and Winnipeg. Canadian citizen, Height: 5"10', Active in Real Estate and Financing Business. Call: 204-510-7658 or 437-881-7282

Sikh Tonk kashtriya Boy Feb/1993 Born, height 5.11", B.tech in computer science, On work permit PR applied. Working as a supervisor. Looking for beautiful PR/Work permit/ Study permit girl. Caste No Bar. Whatsapp or Call at +91 9417272807, +12269787777

ਜੱਟ ਸਿੱਖ ਲੜਕਾ, ਉਮਰ 28 ਸਾਲ, ਕੱਦ 5 ਫੁੱਟ 10 ਇੰਚ, ਲੜਕੇ ਦੀ ਇਕ ਭੈਣ ਹੈ, ਆਟੋ-ਮੋਟਿਵ ਪਾਵਰ ਟੈਕਨੀਸ਼ੀਅਨ, ਆਟੋਮੋਬਾਇਲ ਇੰਡਸਟਰੀ ਵਿਚ ਮਿਕੈਨਿਕ ਦੇ ਤੌਰ 'ਤੇ ਕੰਮ ਕਰ ਰਿਹਾ ਹੈ, ਕੈਨੇਡੀਅਨ ਪੀਆਰ ਹੈ, ਲਈ ਜੱਟ ਸਿੱਖ, ਪੜ੍ਹੀ ਲਿਖੀ ਲੜਕੀ ਦੀ ਲੋੜ ਹੈ। ਲੜਕੀ ਕੈਨੇਡਾ ਵਿਚ ਵਰਕ ਪਰਮਿਟ ਉਤੇ ਹੋਵੇ, ਸਟੱਡੀ ਪਰਮਿਟ ਉਤੇ ਜਾਂ ਪੀਆਰ ਹੋਲਡਰ ਹੋਵੇ। ਸੰਪਰਕ: (289) 380-6898

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ। ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ। ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com

ਸਿੱਖ ਅਰੋੜਾ ਲੜਕਾ, ਇਸ ਸਮੇਂ ਵਿਜ਼ਿਟਰ ਵੀਜ਼ੇ 'ਤੇ ਕੈਨੇਡਾ ਵਿਚ, ਯੋਗ ਕੰਨਿਆ ਦੀ ਜ਼ਰੂਰਤ ਹੈ। ਲੜਕੇ ਦੀ ਭੈਣ ਕੈਨੇਡਾ ਦੀ ਪੀ.ਆਰ. ਹੈ। ਪੰਜਾਬ ਵਿਚ ਚੰਗੀ ਜ਼ਮੀਨ ਅਤੇ ਬਿਜ਼ਨਸ ਹੈ। ਪਹਿਲੀ ਪਤਨੀ ਦੀ ਮੌਤ ਹੋ ਚੁੱਕੀ ਹੈ ਅਤੇ ਉਸ ਦਾ ਦੋ ਸਾਲ ਦਾ ਬੇਟਾ ਵੀ ਹੈ। ਜਾਤੀ ਬੰਧਨ ਨਹੀਂ। ਲੜਕੀ ਕੈਨੇਡਾ ਦੀ ਪੀ.ਆਰ. ਜਾਂ ਸਿਟੀਜਨ ਹੋਵੇ। ਸੰਪਰਕ: 647-625-5706

Well settled Punjabi Arora family seeks match for their PR son 34 years old, 6 feet tall, M.Com LLB, never smoking, never drinking, vegetarian, legally divorced after very short marriage, no relationship. Boy is almost unmarried. He is working as an officer in Leading Canadian Bank. Seeks educated family oriented girl from families in Canada/USA or new immigrant, PR, student or on work permit. Girl with very short marriage or never married will be preferred. Parents please send Bio-data and photo. Whatsapp or call at +1 9734209701, 437-770-3644 or email at ssjuneja@gmail.com.

## ਲੜਕੀ ਦੀ ਲੋੜ

ਕੈਨੇਡੀਅਨ ਸਿਟੀਜ਼ਨ, ਕੈਨੇਡਾ ਦੇ ਦੋ ਸੂਬਿਆਂ ਵਿਚ ਸਫ਼ਲ ਸਥਾਪਿਤ ਆਪਣਾ ਕਾਰੋਬਾਰ ਕਰਦੇ ਵੈੱਲ ਸੈਟਲਡ ਪਰਿਵਾਰ ਦੇ ਕੈਨੇਡਾ ਵਿਚ 16 ਸਾਲ ਤੋਂ ਰਹਿ ਰਹੇ ਲੜਕੇ, ਉਮਰ 32 ਸਾਲ, ਕੱਦ 5 ਫੁੱਟ, 10 ਇੰਚ, ਲਈ ਯੋਗ ਲੜਕੀ ਦੀ ਜ਼ਰੂਰਤ। ਸੰਪਰਕ ਕਰੋ: 204-510-7658 ਜਾਂ 437-881-7282

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5'9", ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ। ਸੰਪਰਕ: 437-223-2664

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5'11", B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

Beautiful match, below 35yrs, for smart JatSikh boy, Canada PR, 39/5-11" BE/MBA, Highly paid job, R/U property in Canada/India, issueless divorcee, caste no bar, respond only with pics & details. **Whatsapp +16474968844 Email : matchjatt2018@gmail.com**

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਅੱਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5"8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013

ਜੱਟ ਸਿੱਖ ਲੜਕਾ ਉਮਰ 35 ਸਾਲ ਕੱਦ 5'11" ਕਨੇਡੀਅਨ ਜਮ-ਪਲ, ਗੌਰਮਿੰਟ ਨੌਕਰੀ ਕਰਦਾ ਹੈ, ਦੇ ਵਾਸਤੇ ਲੜਕੀ ਦੀ ਲੋੜ ਹੈ। ਲੜਕੀ ਸਿੱਖ ਪਰਵਾਰ ਦੀ ਹੋਵੇ ਕੋਈ ਜਾਤ ਪਾਤ ਨਹੀਂ, ਲੜਕੀ ਪੀਆਰ ਜਾਂ ਸਟੂਡੈਂਟ ਹੋਵੇ ਤਾਂ ਵੀ ਵਿਚਾਰ ਕੀਤੀ ਜਾ ਸਕਦੀ ਹੈ। ਵਧੇਰੇ ਜਾਣਕਾਰੀ ਲਈ ਸੰਪਰਕ ਕਰੋ: (647)297-6661

## ਲੜਕੇ ਦੀ ਲੋੜ

Need suitable match for 58 years old Hindu (Khatri) lady (Non Manglik), Height 5'3". Seeking a trustworthy man upto 65 years. Contact :- 647-323-5428.

Qualified match for beautiful never married Punjabi Khatri girl 5'7" 35 years Software Engineer at Toronto .Canada PR. Well settled in IT job . Good family.call +16475649350 email marti.mail.20@gmail.com

Saini Sikh family seeks a suitable match for their beautiful daughter, born and raised in Canada, 36 years old, slim, 5'4" tall, has a bachelor's degree, has a good job, divorced after short marriage. The boy should be educated, well settled, handsome, Canadian born. Please send bio-data and pictures on whatsapp. Phone :- 437-288-6010. Caste no bar.

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

Seeking a suitable match for Canadian citizen Ramdasia Sikh (GNM). Born August 1987 and height 5'1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090, ਈਮੇਲ- Singhmanmohan2006@gmail.com




## ਲੜਕੇ ਦੀ ਲੋੜ

ਕੈਨੇਡਾ ਪੀ ਆਰ ਲੜਕੀ ਲਈ ਵਰ ਦੀ ਲੋੜ, 1991/5'3", ਲਈ ਸ਼ੁਧ ਵੈਸ਼ਨੂੰ ਲੜਕੇ ਦੀ ਲੋੜ। ਕੈਨੇਡਾ ਨੂੰ ਪਹਿਲ। ਸੰਪਰਕ: 9855238175

ਜੱਟ ਸਿੱਖ 1996/5'-3", ਇੰਟਰਨੈਸ਼ਨਲ ਬਿਜ਼ਨੈੱਸ ਮੈਨੇਜਮੈਂਟ (ਕੈਨੇਡਾ ਪੀ-ਆਰ) ਲੜਕੀ ਲਈ ਕੈਨੇਡਾ ਪੀਆਰ/ਨਾਨ-ਪੀਆਰ ਲੜਕਾ ਚਾਹੀਦਾ ਹੈ। ਮਾਲਵੇ ਨੂੰ ਤਰਜੀਹ। ਸੰਪਰਕ:9478403300


ਜੱਟ ਸਿੱਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿੱਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5'11" ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5'2" ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664

ਜੱਟ ਸਿੱਖ ਲੜਕੀ, ਉਮਰ 33 ਸਾਲ, ਕੱਦ 5 ਫੁੱਟ 4 ਇੰਚ, ਇੰਡੀਆ ਤੋਂ MBA ਅਤੇ ਕੈਨੇਡਾ ਤੋਂ Marketing Management, Food Media ਦੀ ਪੜ੍ਹਾਈ ਕੀਤੀ ਹੋਈ ਹੈ। ਇੱਥੇ Health Care Screener ਦੇ ਤੌਰ 'ਤੇ ਕੰਮ ਕਰਦੀ ਹੈ, ਲਈ ਕੈਨੇਡੀਅਨ ਜਾਂ ਅਮਰੀਕਨ PR/Citizen ਲੜਕੇ ਦੀ ਲੋੜ ਹੈ। ਸੰਪਰਕ: 437-332-8422 E-mail : puneetasra17october@gmail.com












# ਔਰਤਾਂ ਦੀ ਸੁਰੱਖਿਆ ਅਤੇ ਵਧ ਰਹੀ ਔਰਤਾਂ ਵਿਰੁੱਧ ਹਿੰਸਾ



-ਗੁਰਮੀਤ ਸਿੰਘ ਪਾਲਹੀ-

ਦੁਨੀਆਂ ਭਰ ਵਿੱਚ ਔਰਤਾਂ ਨੂੰ ਦਿੱਤੇ ਹੱਕਾਂ 'ਚ ਲਗਭਗ ਸਮਾਨਤਾ ਹੈ। ਬਹੁਗਿਣਤੀ ਦੇਸ਼ਾਂ ਵਿੱਚ ਔਰਤਾਂ ਨੂੰ ਗੁਲਾਮੀ ਅਤੇ ਹਿੰਸਾ ਮੁਕਤੀ, ਸਿੱਖਿਆ, ਮਰਦਾਂ ਬਰੋਬਰ ਤਨਖ਼ਾਹ, ਮਾਲਕੀ ਦੇ ਹੱਕ, ਆਜ਼ਾਦੀ ਨਾਲ ਖਿਆਲ ਪ੍ਰਗਟ ਕਰਨ ਅਤੇ ਵੋਟ ਜਿਹੇ ਹੱਕ ਪ੍ਰਾਪਤ ਹਨ। ਭਾਰਤ ਵਿੱਚ ਵੀ ਔਰਤ ਨੂੰ ਸੰਵਿਧਾਨ ਦੀ ਧਾਰਾ 14 ਅਧੀਨ ਬਰਾਬਰੀ, ਧਾਰਾ 15(1) ਅਧੀਨ ਵਿਤਕਰੇ ਵਿਰੁੱਧ, ਧਾਰਾ 16 ਅਧੀਨ ਬਰਾਬਰ ਦੇ ਮੌਕੇ ਅਤੇ ਆਰਟੀਕਲ 39 (ਡੀ) ਅਤੇ ਧਾਰਾ 42 ਅਧੀਨ ਮਰਦਾਂ ਬਰਾਬਰ ਤਨਖ਼ਾਹ ਜਿਹੇ ਅਧਿਕਾਰ ਹਨ।

ਐਡੇ ਵੱਡੇ ਅਧਿਕਾਰ ਸੰਵਿਧਾਨ ਵਿੱਚ ਲਿਖੇ ਹੋਣ ਦੇ ਬਾਵਜੂਦ ਵੀ ਭਾਰਤ ਦੀਆਂ ਲਗਭਗ 70 ਫੀਸਦੀ ਔਰਤਾਂ, ਬੀਬੀਆਂ, ਘਰੇਲੂ ਹਿੰਸਾ ਦੀ ਮਾਰ ਹੇਠ ਹਨ ਜਾਂ ਸ਼ਿਕਾਰ ਹਨ। ਜਿਸ ਨਾਲ ਉਹ ਡਿਪਰੇਸ਼ਨ(ਮਾਨਸਿਕ ਤਣਾਅ) ਅਤੇ ਆਤਮ ਹਤਿਆ ਵੱਲ ਵਧਦੀਆਂ ਹਨ। ਇਹ ਸਿੱਧੇ ਤੌਰ ਤੇ ਔਰਤਾਂ ਦਾ ਕਤਲ ਨਹੀਂ, ਪਰ ਸਵੈ-ਕਤਲ ਦਾ ਇੱਕ ਵੱਡਾ ਕਾਰਨ ਹੈ।

ਇਹੋ ਗੱਲ ਔਰਤਾਂ ਦੀ ਸਮਾਜ ਵਿੱਚ ਸੁਰੱਖਿਆ ਦੇ ਮਾਮਲੇ 'ਤੇ ਹੈ, ਜਿਥੇ ਘਰ ਵਿੱਚ ਅਤੇ ਘਰੋਂ ਬਾਹਰ ਨਿਕਲਦਿਆਂ, ਉਹ ਡਰ, ਅਸੁਰੱਖਿਆ ਨਾਲ ਸੜਕ 'ਤੇ, ਕੰਮ ਵਾਲੀਆਂ ਥਾਵਾਂ 'ਤੇ, ਕਾਲਜਾਂ, ਸਕੂਲਾਂ, ਯੂਨੀਵਰਸਿਟੀਆਂ ਅਤੇ ਹੋਰ ਸਿੱਖਿਆ ਸੰਸਥਾਵਾਂ 'ਚ ਵਿਚਰਦੀਆਂ ਹਨ ਅਤੇ ਆਜ਼ਾਦ ਵਿਚਰਨ ਦੀ ਥਾਂ ਕਿਸੇ ਆਸਰੇ ਦੀ ਭਾਲ 'ਚ ਰਹਿੰਦੀਆਂ ਹਨ, ਅਤੇ ਕਈ ਹਲਾਤਾਂ 'ਚ ਇਹੋ "ਆਸਰੇ" ਉਹਨਾ ਦੀ ਅਸੁਰੱਖਿਆ ਅਤੇ ਤਬਾਹੀ ਦਾ ਕਾਰਨ ਬਣ ਜਾਂਦੇ ਹਨ।

ਕੀ ਘਰੋਂ ਦੁਕਾਨ 'ਤੇ ਇਕੱਲੀ ਨਿਕਲੀ ਔਰਤ ਲੜਕੀ, ਖਰੀਦਦਾਰੀ ਕਰਨ ਵੇਲੇ ਸੁਰੱਖਿਅਤ ਹੈ? ਕੀ ਕਦੇ ਰਾਤ - ਬਰਾਤੇ ਉਸ ਨੂੰ ਇਕੱਲਿਆ ਸਫ਼ਰ ਕਰਨਾ ਪੈ ਜਾਵੇ ਤਾਂ ਉਹ ਸੁਰੱਖਿਅਤ ਹੈ? ਕੀ ਘਰ ਵਿੱਚ ਲੜਕੀ ਇਕੱਲੀ ਸੁਰੱਖਿਅਤ ਹੈ, ਭਾਵੇਂ ਉਹਦੇ ਆਲੇ-ਦੁਆਲੇ ਭਰਵੀਂ ਅਬਾਦੀ ਹੋਵੇ, ਆਪਣੇ ਰਿਸ਼ਤੇਦਾਰ ਹੋਣ। ਇਹੋ ਜਿਹੇ ਭਰਵੇਂ ਮਾਹੌਲ ਵਿੱਚ ਵੀ ਲੜਕੀ ਅਸੁਰੱਖਿਅਤ ਹੋ ਜਾਂਦੀ ਹੈ। ਕੀ ਬਸ, ਗੱਡੀ 'ਚ ਸਫ਼ਰ ਵੇਲੇ ਉਹ ਸੁਰੱਖਿਅਤ ਹੈ?

ਅਸਲ ਵਿੱਚ ਭਾਰਤ ਵਿੱਚ ਘਰ ਤੋਂ ਲੈ ਕੇ ਦਫ਼ਤਰ ਤੱਕ, ਪਬਲਿਕ ਥਾਵਾਂ ਉਤੇ, ਬੇਗਾਨਿਆਂ ਅਤੇ ਆਪਣਿਆਂ ਵਿੱਚ ਵੀ ਕਈ ਵੇਰ ਔਰਤ, ਲੜਕੀ ਸੁਰੱਖਿਅਤ ਨਹੀਂ। ਡਰ ਅਤੇ ਅਸੁਰੱਖਿਆ ਦੀ ਇਹ ਭਾਵਨਾ ਔਰਤ ਦੀ ਨਿੱਜੀ ਮਾਨਸਿਕ ਕਮਜ਼ੋਰੀ ਦਾ ਕਾਰਨ ਬਣਦੀ ਹੈ ਅਤੇ ਸਮਾਜ 'ਚ ਕਈ ਹਾਲਤਾਂ ਵਿੱਚ ਉਹਦੀ ਹੋਂਦ ਖੇਰੂ-ਖੇਰੂ ਹੁੰਦੀ ਜਾਪਦੀ ਹੈ।

ਭਾਰਤ 'ਚ ਔਰਤਾਂ ਵਿਰੁੱਧ ਪੰਜ ਅਪਰਾਧ, ਇੰਡੀਅਨ ਪੀਨਲ ਕੋਡ 'ਚ ਦਰਜ ਹਨ, ਜਿਹਨਾ 'ਚ ਬਲਾਤਕਾਰ ਸਭ ਤੋਂ ਵੱਡਾ ਹੈ। ਅਗਵਾ, ਦਾਜ ਪ੍ਰਤੀ ਜਬਰਦਸਤੀ, ਘਰੇਲੂ ਹਿੰਸਾ ਅਤੇ ਤਸ਼ੱਦਦ ਆਦਿ ਹੋਰ ਅਪਰਾਧ ਹਨ। ਇਹ ਅਪਰਾਧ ਵਧਦੇ ਜਾ ਰਹੇ ਹਨ ਅਤੇ ਔਰਤਾਂ 'ਚ ਅਸੁਰੱਖਿਆ ਦੀ ਭਾਵਨਾ ਪੈਦਾ ਕਰਦੇ ਹਨ। ਇਸਦਾ ਮੁੱਖ ਕਾਰਨ ਔਰਤਾਂ ਦੀ ਸੁਰੱਖਿਆ ਲਈ ਬਣੇ ਹੋਏ ਕਾਨੂੰਨ ਲਾਗੂ ਨਾ ਕਰਨਾ ਵੀ ਹੈ।

ਦਾਜ ਦਹੇਜ ਵਿਰੁੱਧ ਕਾਨੂੰਨ ਬਣੇ ਹੋਏ ਹਨ ਪਰ ਉਹ ਕਿੰਨੇ ਕੁ ਲਾਗੂ ਹੋ ਰਹੇ ਹਨ? ਬਲਾਤਕਾਰੀਆਂ ਨੂੰ ਕਿੰਨੀਆਂ ਕੁ ਸਜ਼ਾਵਾਂ ਹੋ ਰਹੀਆਂ ਹਨ? ਘਰੇਲੂ ਹਿੰਸਾ ਵਿਰੁੱਧ ਬਣੇ ਕਾਨੂੰਨ ਕਿਥੇ ਤੇ ਕਦੋਂ ਲਾਗੂ ਹੁੰਦੇ ਹਨ? ਭਾਰਤੀ ਸਮਾਜ 'ਚ ਬਣਤਰ ਹੀ ਕੁਝ ਇਹੋ ਜਿਹੀ ਹੈ ਕਿ ਮਰਦ ਦਾ ਹੈਂਕੜਪੁਣਾ, ਰੰਘਰਊਪੁਣਾ ਅਤੇ ਸਮਾਜ ਵਿਚਲਾ ਔਰਤ ਵਿਰੋਧੀ ਵਰਤਾਰਾ ਔਰਤਾਂ ਨੂੰ ਜੀਣ-ਥੀਣ ਲਈ ਸੌਖਿਆ ਸਾਹ ਹੀ ਨਹੀਂ ਲੈਣ ਦੇ ਰਿਹਾ। ਉਹਨਾ ਲਈ ਨਿੱਤ ਨਵੀਆਂ ਸਮੱਸਿਆਵਾਂ ਪੈਦਾ ਕਰ ਰਿਹਾ ਹੈ। ਇਹ ਸਭ ਕੁਝ ਔਰਤਾਂ ਵਿਰੁੱਧ ਅਪਰਾਧਾਂ 'ਚ ਲਗਾਤਾਰ ਵੱਡਾ ਵਾਧਾ ਕਰ ਰਿਹਾ ਹੈ, ਬਾਵਜੂਦ ਇਸ ਗੱਲ ਦੇ ਵੀ ਕਿ ਲੜਕੀਆਂ ਸਿੱਖਿਆ ਪ੍ਰਾਪਤ ਕਰ ਰਹੀਆਂ ਹਨ, ਹਰ ਖੇਤਰ 'ਚ ਮੋਹਰੀ ਰੋਲ ਅਦਾ ਕਰਨ ਲੱਗੀਆਂ ਹਨ।

ਸਾਲ 2016 ਤੋਂ 2021 ਤੱਕ ਲਗਭਗ 22.8 ਲੱਖ ਔਰਤਾਂ ਵਿਰੁੱਧ ਅਪਰਾਧ ਭਾਰਤ ਵਿੱਚ ਸਰਕਾਰੀ ਰਿਕਾਰਡ 'ਚ ਦਰਜ ਹਨ। ਇਹਨਾ ਵਿਚੋਂ 7 ਲੱਖ, ਧਾਰਾ 498 ਏ ਆਫ, ਆਈ ਪੀ ਸੀ ਅਧੀਨ ਹਨ। ਇਹ ਧਾਰਾ ਔਰਤ ਵਲੋਂ ਆਪਣੇ ਮਰਦ ਅਤੇ ਰਿਸ਼ਤੇਦਾਰਾਂ ਵਲੋਂ ਕੀਤੀ ਹਿੰਸਾ ਅਤੇ ਕੁੱਟਮਾਰ, ਨਫਰਤੀ ਵਰਤਾਰੇ ਸਬੰਧੀ ਹੈ।

ਰਾਸ਼ਟਰੀ ਕਰਾਈਮ ਰਿਕਾਰਡ ਬਿਓਰੋ ਅਨੁਸਾਰ 2021 ਵਿੱਚ ਦੇਸ਼ ਭਰ 'ਚ 6589 ਕੇਸ ਦਾਜ ਦਹੇਜ ਸਬੰਧੀ ਕਤਲ ਦੇ ਰਿਕਾਰਡ ਹੋਏ। ਨੈਸ਼ਨਲ ਕਮਿਸ਼ਨ ਫਾਰ ਵੂਮੈਨ ਅਨੁਸਾਰ 2021 ਨਾਲੋਂ 2022 'ਚ ਔਰਤਾਂ ਉਤੇ ਅਤਿਆਚਾਰ ਦੀਆਂ ਘਟਨਾਵਾਂ 'ਚ 30 ਫੀਸਦੀ ਵਾਧਾ ਦਰਜ ਕੀਤਾ ਗਿਆ।

ਨੈਸ਼ਨਲ ਕਰਾਈਮ ਰਿਕਾਰਡ ਬਿਓਰੋ ਅਨੁਸਾਰ ਔਰਤਾਂ ਉਤੇ ਅਤਿਆਚਾਰ ਹਿੰਸਾ ਆਦਿ ਦੇ 2021 ਵਿੱਚ 4,28,278 ਕੇਸ ਦਰਜ਼ ਹੋਏ ਜੋ 2020 ਨਾਲੋਂ 56,775 ਵਧ ਸਨ। ਇਹਨਾ ਵਿੱਚ ਔਰਤਾਂ ਨੂੰ ਅਗਵਾ ਕਰਨ ਅਤੇ ਬਲਾਤਕਾਰ ਦੇ ਕੇਸ 20.8 ਫੀਸਦੀ ਸਨ ਅਤੇ ਮਰਦਾਂ ਵਲੋਂ ਔਰਤਾਂ ਉਤੇ ਘਰੇਲੂ ਹਿੰਸਾ ਦੇ 31.8 ਫੀਸਦੀ ਘਰੇਲੂ ਹਿੰਸਾ ਅਤੇ ਔਰਤਾਂ ਵਿਰੁੱਧ ਅਪਰਾਧ ਵਿਸ਼ਵ ਵਿਆਪੀ ਹਨ।

ਔਰਤਾਂ ਵਿਰੁੱਧ ਅਪਰਾਧ, ਹਿੰਸਾ ਅਤੇ ਅਸੁਰੱਖਿਆ ਦੀ ਭਾਵਨਾ ਵਧਦੀ ਹੀ ਜਾ ਰਹੀ ਹੈ। ਭਾਰਤ ਸਹਿਤ ਦੱਖਣੀ ਏਸ਼ੀਆਂ ਦੇ ਤਿੰਨ ਮੁਲਕਾਂ ਵਿੱਚ 1,95,000 ਪੁਰਸ਼ਾਂ ਨਾਲ ਰਹਿਣ ਵਾਲੀਆਂ ਔਰਤਾਂ 'ਤੇ ਕੀਤੇ ਇੱਕ ਸਰਵੇਖਣ ਅਨੁਸਾਰ ਹਿੰਸਾ ਦੀਆਂ ਘਟਨਾਵਾਂ 'ਚ ਵਾਧਾ ਹੋ ਰਿਹਾ ਹੈ। ਇਸ ਸਰਵੇਖਣ 'ਚ ਘਰੇਲੂ ਹਿੰਸਾ 'ਚ ਵਾਧੇ ਦਾ ਇੱਕ ਕਾਰਨ ਵਾਤਾਵਰਨ ਵਿੱਚ ਵਧ ਰਿਹਾ ਤਾਪਮਾਨ ਹੈ। ਜਿਸ ਅਨੁਸਾਰ ਇਕ ਡਿਗਰੀ ਤਾਪਮਾਨ ਦੇ ਵਧਣ ਨਾਲ 4.5 ਫੀਸਦੀ ਹਿੰਸਾ 'ਚ ਵਾਧਾ ਹੁੰਦਾ ਹੈ। ਅਨੁਮਾਨ ਇਹ ਵੀ ਇਸ ਸਰਵੇਖਣ ਵਿੱਚ ਲਗਾਇਆ ਗਿਆ ਹੈ ਕਿ ਭਾਰਤ, ਨੇਪਾਲ, ਪਾਕਿ-ਸਤਾਨ 'ਚ ਪਰਿਵਾਰ ਹਿੰਸਾ 'ਚ ਇਸ ਸਦੀ ਦੇ ਅੰਤ ਤੱਕ 21.5 ਫੀਸਦੀ ਵਾਧਾ ਹੋਏਗਾ ਅਤੇ ਇਸਦਾ ਸ਼ਿਕਾਰ ਮਹਿਲਾਵਾਂ ਹੋਣਗੀਆਂ। ਪਰਿਵਾਰਕ ਹਿੰਸਾ ਵਿੱਚ ਸਰੀਰਕ ਹਿੰਸਾ, ਭਾਵਨਾਤਮਕ ਹਿੰਸਾ, ਯੋਨ ਹਿੰਸਾ ਸ਼ਾਮਲ ਹੈ। ਸਰਵੇ ਮੁਤਾਬਕ ਭਾਰਤ ਅਤੇ ਨੇਪਾਲ ਦੇਸ਼ਾਂ ਦੇ ਮੁਕਾਬਲੇ 2 ਫੀਸਦੀ ਵਾਧਾ ਔਰਤਾਂ ਵਿਰੁੱਧ ਅਪਰਾਧ 'ਚ ਹੋਏਗਾ।

ਸਰਕਾਰਾਂ ਵਲੋਂ ਦਾਅਵੇ ਕੀਤੇ ਜਾ ਰਹੇ ਹਨ ਕਿ ਲੜਕੀਆਂ ਅਤੇ ਮਹਿਲਾਵਾਂ ਦੇ ਨਾਲ ਹੋ ਰਹੇ ਅਪਰਾਧ ਘਟ ਕੀਤੇ ਜਾਣਗੇ, ਪਰੰਤੂ ਹਾਲਾਤ ਇਹ ਹਨ ਕਿ ਹਰ ਦਿਨ ਕਈ-ਕਈ ਬੱਚੀਆਂ ਅਤੇ ਮਹਿਲਾਵਾਂ ਗਾਇਬ ਹੋ ਰਹੀਆਂ ਹਨ। ਔਰਤਾਂ ਨਾਲ ਗਲਤ ਵਿਵਹਾਰ, ਬਲਾਤਕਾਰ ਆਦਿ ਦੀਆਂ ਮਨੀਪੁਰ ਵਿੱਚ ਜਿਸ ਕਿਸਮ ਦੀਆਂ ਘਟਨਾਵਾਂ ਦੀਆਂ ਖ਼ਬਰਾਂ ਆ ਰਹੀਆਂ ਹਨ, ਉਹ ਤਾਂ ਸ਼ਰਮਨਾਕ ਹਨ ਹੀ, ਪਰ ਦੇਸ਼ ਦੇ ਹੋਰ ਭਾਗਾਂ ਵਿੱਚ ਇਸ ਤੋਂ ਵੱਖਰੀ ਕਿਸਮ ਦੇ ਮਹਿਲਾਵਾਂ ਨਾਲ ਅਪਰਾਧ ਦਿਲ ਟੁੰਬਣ ਵਾਲੇ ਅਤੇ ਦਿਲ ਕੰਬਾਊ ਹਨ।

ਪਿਛਲੇ ਦਿਨੀ ਰਾਜ ਸਭਾ ਵਿੱਚ ਮਨਿਸਟਰ ਆਫ ਸਟੇਟ ਫਾਰ ਹੋਮ ਅਫੇਅਰ ਅਜੈ ਕੁਮਾਰ ਮਿਸ਼ਰਾ ਨੇ ਪੂਰੇ ਦੇਸ਼ ਵਿੱਚ ਗਾਇਬ ਲੜਕੀਆਂ ਅਤੇ ਔਰਤਾਂ ਸਬੰਧੀ ਇਹ ਰਿਪੋਰਟ ਸਦਨ ਵਿੱਚ ਰੱਖੀ ਹੈ।

2019 ਤੋਂ 2021 ਦੌਰਾਨ ਹੋਈਆਂ ਅਪਰਾਧਿਕ ਘਟਨਾਵਾਂ ਦੇ ਮਾਮਲੇ ਇਸ ਵਿੱਚ ਦਰਜ ਹਨ। ਦਿੱਲੀ, ਜੰਮੂ ਕਸ਼ਮੀਰ, ਚੰਡੀਗੜ੍ਹ ਵਿੱਚ ਗਾਇਬ ਔਰਤਾਂ ਦੇ ਕੇਸ ਸਭ ਤੋਂ ਵੱਧ ਹਨ। 2019 ਤੋਂ 2021 ਤੱਕ ਤਿੰਨ ਸਾਲਾਂ ਵਿੱਚ 18 ਸਾਲਾਂ ਤੋਂ ਘੱਟ ਉਮਰ ਦੀਆਂ 22,919 ਬੱਚੀਆਂ ਅਤੇ 18 ਸਾਲ ਤੋਂ ਜਿਆਦਾ ਉਮਰ ਦੀਆਂ 61,050 ਔਰਤਾਂ ਗਾਇਬ ਹੋਈਆਂ ਜਦਕਿ ਜੰਮੂ ਕਸ਼ਮੀਰ 'ਚ ਇਹ ਗਿਣਤੀ 18 ਸਾਲ ਤੋਂ ਘੱਟ ਲੜਕੀਆਂ ਦੀ 1,148 ਅਤੇ 18 ਸਾਲ ਤੋਂ ਵੱਧ ਦੀ 8,617 ਸੀ। ਚੰਡੀਗੜ੍ਹ 'ਚ ਗਾਇਬ ਹੋਣ ਵਾਲੀਆਂ 18 ਸਾਲ ਤੋਂ ਘੱਟ ਬੱਚੀਆਂ 921 ਸਨ ਅਤੇ ਜਦਕਿ 18 ਸਾਲ ਤੋਂ ਵਧ ਉਮਰ ਦੀਆਂ ਮਹਿਲਾਵਾਂ 3,669 ਸਨ। ਪੰਜਾਬ ਵਾਲੀ ਰਿਪੋਰਟ ਵੀ ਚਿੰਤਾਜਨਕ ਹੈ ਜਿਥੇ ਹਰ ਰੋਜ਼ 2019 ਤੋਂ 2021 ਦੌਰਾਨ 11 ਤੋਂ 15 ਔਰਤਾਂ ਗਾਇਬ ਹੋਈਆਂ ਭਾਵ 18,908 ਔਰਤਾਂ ਗਾਇਬ ਹੋਈਆਂ ਹਨ।

ਰਿਪੋਰਟ ਵੇਖਣ 'ਤੇ ਇਹ ਗੱਲ ਸਾਹਮਣੇ ਆਈ ਹੈ ਕਿ ਭਾਰਤ ਦੇ ਰੂੜੀਵਾਦੀ ਸਮਾਜ ਵਿੱਚ ਮਹਿਲਾਵਾਂ ਨਾਲ ਨਾ ਬਰਾਬਰ ਦਾ ਸਲੂਕ ਹੁੰਦਾ ਹੈ ਅਤੇ ਨਾ ਹੀ ਉਹਨਾ ਨੂੰ ਬਣਦੇ ਹੱਕ ਦਿੱਤੇ ਜਾਂਦੇ ਹਨ। ਘਰਾਂ ਵਿੱਚ ਮਹਿਲਾਵਾਂ ਉਤੇ ਕੁੱਟਮਾਰ ਦੀਆਂ ਘਟਨਾਵਾਂ ਆਮ ਵੇਖਣ ਨੂੰ ਮਿਲਦੀਆਂ ਹਨ ਅਤੇ ਉਹ ਮਰਦਾਂ ਦੀ ਰੰਘਰਊ ਸੋਚ ਦਾ ਸ਼ਿਕਾਰ ਹੁੰਦੀਆਂ ਹਨ।

ਮਹਿਲਾਵਾਂ ਦੇ ਦੇਹ ਵਪਾਰ ਦੀਆਂ ਘਟਨਾਵਾਂ ਸੁਰਖੀਆਂ 'ਚ ਰਹਿੰਦੀਆਂ ਹਨ। ਵੱਡੇ ਸ਼ਹਿਰਾਂ ਦੇ ਹੋਟਲਾਂ ਅਤੇ ਕੁਝ ਇੱਕ ਵਿਸ਼ੇਸ਼ ਥਾਵਾਂ ਉਤੇ ਉਹਨਾ ਦੀ ਦੇਹ ਵੇਚਣ ਦਾ ਧੰਦਾ ਸ਼ਰੇਆਮ ਹੁੰਦਾ ਹੈ। ਇਵੇਂ ਜਾਪਦਾ ਹੈ ਜਿਵੇਂ ਔਰਤਾਂ ਦੇ ਸਰੀਰ ਨੂੰ ਇੱਕ ਵਸਤੂ ਸਮਝ ਕੇ ਸਮਾਜ ਦੇ ਭੈੜੀ ਸੋਚ ਵਾਲੇ ਦਰਿੰਦੇ ਵਪਾਰ ਕਰਦੇ ਹਨ, ਕਾਲੀ ਕਮਾਈ ਕਰਦੇ ਹਨ। ਇਸੇ ਤਹਿਤ ਹੀ ਵੱਡੇ ਸ਼ਹਿਰਾਂ 'ਚ ਕੰਮ ਕਰਨ ਵਾਲੇ ਦੇਹ ਵਪਾਰੀ ਪਿੰਡਾਂ, ਛੋਟੇ ਸ਼ਹਿਰਾਂ 'ਚੋਂ ਬੱਚੀਆਂ ਨੂੰ ਵਰਗਲਾਕੇ ਲੈ ਜਾਂਦੇ ਹਨ ਅਤੇ ਇਹਨਾ ਸ਼ਹਿਰਾਂ 'ਚ ਚਲ ਰਹੇ "ਕੋਠਿਆਂ" 'ਚ ਉਹਨਾ ਨੂੰ ਵੇਚਦੇ ਹਨ।

ਦੇਸ਼ ਵਿੱਚ ਔਰਤਾਂ ਨਾਲ ਹੁੰਦੇ ਵਿਭਚਾਰ, ਬਲਾਤਕਾਰ, ਅਪਰਾਧਾਂ ਸਬੰਧੀ ਰਿਪੋਰਟ ਤਾਂ ਦਰਦਨਾਕ ਹੈ ਹੀ, ਪਰ ਗੁਰੂਆਂ, ਪੀਰਾਂ, ਫਕੀਰਾਂ ਦੀ ਧਰਤੀ ਉਤੇ ਉਹਨਾ ਨਾਲ ਹੋ ਰਹੇ ਦੁਪਰਿਆਰੇ ਸਲੂਕ ਅਤੇ ਅਪਰਾਧਾਂ ਦੀ ਰਿਪੋਰਟ ਬਹੁਤ ਸ਼ਰਮਨਾਕ ਹੈ। ਔਰਤਾਂ, ਬੱਚੀਆਂ ਨੂੰ ਜਿਸ ਸਤਿਕਾਰ ਨਾਲ ਪੰਜਾਬ ਵਿੱਚ ਵੇਖਿਆ ਜਾਂਦਾ ਹੈ ਅਤੇ ਗੁਰੂ ਸਾਹਿਬਾਨ ਵਲੋਂ "ਸੋ ਕਿਉਂ ਮੰਦਾ ਆਖੀਐ, ਜਿਤੁ ਜੰਮੇ ਰਾਜਾਨ" ਦਾ ਫੁਰਮਾਨ ਹੈ, ਉਥੇ ਔਰਤਾਂ ਦੀ ਇਹ ਦਸ਼ਾ ਦਰਦਨਾਕ ਹੈ। ਕੀ ਨਿੱਤ 15-18 ਮਹਿਲਾਵਾਂ ਦਾ ਪੰਜਾਬ 'ਚੋਂ ਗਾਇਬ ਹੋਣਾ ਸ਼ਰਮਨਾਕ ਨਹੀਂ? ਚੰਡੀਗੜ੍ਹ ਵਰਗੇ ਸ਼ਹਿਰ ਵਿੱਚ ਜਿਥੇ ਲੋਕਾਂ ਤੋਂ ਵਧੇਰੇ ਨੈਤਿਕ ਕਦਰਾਂ ਕੀਮਤਾਂ ਦੀ ਤਵੱਜੋ ਕੀਤੀ ਜਾਂਦੀ ਹੈ, ਉਥੇ ਔਰਤਾਂ ਦੀ ਵੱਡੀ ਗਿਣਤੀ ਦਾ ਅਗਵਾ ਤੇ ਗਾਇਬ ਹੋਣਾ ਕੀ ਸਭਿਅਕ ਸ਼ਹਿਰ ਦੇ ਮੱਥੇ ਉਤੇ ਕਲੰਕ ਨਹੀਂ ਹੈ?

ਵੈਸੇ ਤਾ ਦੇਸ਼ ਭਾਰਤ ਸਭਿਆਕ ਹੋਣ ਦਾ ਦਾਅਵਾ ਕਰਦਾ ਹੈ, ਵਿਸ਼ਵ ਗੁਰੂ ਬਨਣ ਦੇ ਸੁਪਨੇ ਲੈਂਦਾ ਹੈ, ਪਰ ਭਾਰਤੀ ਸਮਾਜ ਵਿੱਚ ਛੂਆ- ਛੂਤ ਸਿਰੇ ਦੀ ਹੈ। ਅਛੂਤ ਸਮਝਕੇ ਕੁਝ ਮੰਦਰਾਂ 'ਚ ਉਹਨਾ ਦਾ ਦਾਖ਼ਲਾ ਨਹੀਂ ਹੋਣ ਦਿੱਤਾ ਜਾਂਦਾ। ਔਰਤਾਂ ਨੂੰ ਤਾਂ ਕੁਝ ਧਾਰਮਿਕ ਸਥਾਨਾਂ ਉਤੇ ਅੰਦਰ ਜਾਕੇ ਦਰਸ਼ਨ ਕਰਨ ਦੀ ਮਨਾਹੀ ਹੈ।


ਔਰਤ ਨੂੰ "ਪੈਰ ਦੀ ਜੁਤੀ" ਸਮਝਣ ਦਾ ਵਰਤਾਰਾ ਦੇਸ਼ ਦੇ ਕਈ ਭਾਗਾਂ 'ਚ ਹੈ। ਇਸ ਵਰਤਾਰੇ ਵਿਚੋਂ ਹੀ ਔਰਤਾਂ ਉਤੇ ਤਸ਼ੱਦਦ ਦੀ ਦਾਸਤਾਨ ਸ਼ੁਰੂ ਹੁੰਦੀ ਹੈ। ਉਹਨਾ ਉਤੇ ਜ਼ੁਲਮ ਹੁੰਦੇ ਹਨ। ਵੈਸੇ ਵੀ ਧਰਮ ਦੇ ਨਾਮ ਉਤੇ, ਦੇਸ਼ਾਂ ਦੇ ਨਾਅ ਉਤੇ ਜਦੋਂ ਜੰਗਾਂ ਹੁੰਦੀਆਂ ਹਨ, ਨਫ਼ਰਤੀ ਅੱਗ ਫੈਲਦੀ ਹੈ, ਉਦੋਂ ਵੀ ਔਰਤਾਂ ਸਭ ਤੋਂ ਪਹਿਲਾਂ ਅਤੇ ਸਭ ਤੋਂ ਵਧ ਨਿਸ਼ਾਨਾ ਬਣਦੀਆਂ ਹਨ। ਉਹਨਾ ਉਤੇ ਹੁੰਦੇ ਜਾਂ ਕੀਤੇ ਜਾਂਦੇ ਜ਼ੁਲਮਾਂ ਦਾ ਚਿੱਠਾ ਐਡਾ ਵੱਡਾ ਹੈ ਕਿ ਸ਼ਬਦਾਂ 'ਚ ਬਿਆਨ ਨਹੀਂ ਕੀਤਾ ਜਾ ਸਕਦਾ ।

ਰਹੀ ਔਰਤਾਂ ਅਤੇ ਲੜਕੀਆਂ ਦੀ ਸੁਰੱਖਿਆ ਦੀ ਗੱਲ, ਅੱਜ ਵੀ ਉਹ ਸੜਕਾਂ ਉਤੇ ਬੇਖੌਫ ਨਹੀਂ ਘੁੰਮ ਸਕਦੀਆਂ। ਕਾਲਜਾਂ, ਸਕੂਲਾਂ ਬਾਹਰ ਖੜ੍ਹੇ ਮਨਚਲੇ ਤੱਨਜ ਕੱਸਦੇ ਹਨ। ਕਈ ਘਟਨਾਵਾਂ ਇਹੋ ਜਿਹੀਆਂ ਵਾਪਰਦੀਆਂ ਹਨ ਕਿ ਆਪਣੀਆਂ ਲੜਕੀਆਂ ਨੂੰ ਸੜਕਾਂ ਤੋਂ ਛੇੜਖਾਨੀਆਂ ਤੋਂ ਬਚਾਉਣ ਲਈ ਭਰਾਵਾਂ ਜਾਂ ਪਿਓ ਨੂੰ ਮੌਤ ਦੇ ਮੂੰਹ ਜਾਣਾ ਪਿਆ ਹੈ। ਇਸ ਕਿਸਮ ਦੀਆਂ ਵਾਪਰ ਰਹੀਆਂ ਘਟਨਾਵਾਂ ਸਾਡੇ ਲਾਅ ਐਂਡ ਆਰਡਰ ਦੀ ਸਥਿਤੀ ਉਤੇ ਸਵਾਲ ਚੁੱਕਦੀਆਂ ਹਨ।

ਸਰਕਾਰਾਂ ਨੂੰ ਔਰਤਾਂ ਦੀ ਸੁਰੱਖਿਆ ਪ੍ਰਤੀ ਵਧੇਰੇ ਚੇਤੰਨ ਹੋਣ ਦੀ ਲੋੜ ਹੈ ਤਾਂ ਕਿ ਉਹ ਬੇਝਿਜਕ ਹੋਕੇ ਸਮਾਜ 'ਚ ਵਿਚਰ ਸਕਣ।













# ਹੜ੍ਹ ਪ੍ਰਭਾਤ ਲੋਕਾਂ ਦੀ ਮਦਦ ਲਈ ਪਿੰਡਾਂ ਦੇ ਲੋਕ ਰੱਬ ਦਾ ਰੂਪ ਬਣਕੇ ਬਹੁੜੇ

-ਉਜਾਗਰ ਸਿੰਘ-

ਦੇਸ਼ ਵਿੱਚ ਹਰ ਕੁਦਰਤੀ ਆਫ਼ਤ ਦੇ ਸਮੇਂ ਪਈ ਭੀੜ ਨੂੰ ਦੂਰ ਕਰਨ ਲਈ ਪੰਜਾਬੀ/ਸਿੱਖ/ਸਿੱਖ ਸੰਸਥਾਵਾਂ ਹਮੇਸ਼ਾ ਸੰਕਟ ਮੋਚਨ ਬਣਕੇ ਅੱਗੇ ਆਉਂਦੀਆਂ ਹਨ। ਇਥੋਂ ਤੱਕ ਕਿ ਸੰਸਾਰ ਵਿੱਚ ਵੀ ਜੇਕਰ ਕੋਈ ਕੁਦਰਤੀ ਆਫ਼ਤ ਆਉਂਦੀ ਹੈ ਤਾਂ ਪੰਜਾਬੀ/ਸਿੱਖ/ਸਿੱਖ ਸੰਸਥਾਵਾਂ ਹਮੇਸ਼ਾ ਸੇਵਾ ਭਾਵਨਾ ਨਾਲ ਤੱਤਪਰ ਰਹਿੰਦੇ ਹਨ। ਪੰਜਾਬੀ/ਸਿੱਖ ਬਹਾਦਰ, ਮਿਹਨਤੀ ਅਤੇ ਮਾਨਵਤਾ ਦੀ ਸੇਵਾ ਦੇ ਪ੍ਰਤੀਕ ਹਨ। ਇਸ ਦੀ ਤਾਜ਼ਾ ਮਿਸਾਲ ਪੰਜਾਬ ਵਿੱਚ ਆਏ ਹੜ੍ਹਾਂ ਦੇ ਦੌਰਾਨ ਉਨ੍ਹਾਂ ਵੱਲੋਂ ਹੜ੍ਹ ਪੀੜਤਾਂ ਦੇ ਬਚਾਓ ਅਤੇ ਉਨ੍ਹਾਂ ਲਈ ਡੂੰਘੇ ਪਾਣੀਆਂ ਵਿੱਚ ਜਾ ਕੇ ਰਾਹਤ ਸਮਗਰੀ ਵੰਡਣ ਤੋਂ ਸ਼ਪਸ਼ਟ ਹੁੰਦੀ ਹੈ।

ਉਹ ਹਰ ਮੁਸੀਬਤ ਅਤੇ ਕੁਦਰਤੀ ਕਰੋਪੀ ਦੇ ਸਮੇਂ ਲੋਕਾਈ ਦੀ ਬਾਂਹ ਫੜਦੇ ਨਜ਼ਰ ਆਉਂਦੇ ਹਨ। ਇਸ ਸਮੇਂ ਭਾਰਤ ਵਿੱਚ ਹੜ੍ਹਾਂ ਦੀ ਕੁਦਰਤੀ ਆਫ਼ਤ ਨੇ ਕਹਿਰ ਮਚਾ ਰੱਖਿਆ ਹੈ। ਦੇਸ਼ ਦੇ ਬਹੁਤੇ ਸੂਬੇ ਹੜ੍ਹਾਂ ਦੀ ਮਾਰ ਤੋਂ ਪ੍ਰਭਾਵਤ ਹੋ ਰਹੇ ਹਨ। ਪੰਜਾਬ ਵਿੱਚ ਹੜ੍ਹਾਂ ਤੋਂ ਪ੍ਰਭਾਵਤ ਲੋਕ ਤਰਾਹ ਤਰਾਹ ਕਰ ਰਹੇ ਹਨ। ਕਿਸਾਨਾ ਦੀਆਂ ਹਜ਼ਾਰਾਂ ਏਕੜ ਫਸਲਾਂ ਤਬਾਹ ਹੋ ਗਈਆਂ ਹਨ। ਜਾਨ ਅਤੇ ਮਾਲ ਦਾ ਬੇਇੰਤਹਾ ਨੁਕਸਾਨ ਹੋ ਗਿਆ ਹੈ। ਪੰਜਾਬ ਨੂੰ ਇਸ ਕੁਦਰਤੀ ਆਫ਼ਤ ਨੇ ਬੁਰੀ ਤਰ੍ਹਾਂ ਆਪਣੀ ਲਪੇਟ ਵਿੱਚ ਲਿਆ ਹੋਇਆ ਹੈ।

ਪੰਜਾਬ ਦੇ ਦਰਿਆਵਾਂ ਵਿੱਚ ਪਾਣੀ ਹਿਮਾਚਲ ਪ੍ਰਦੇਸ਼ ਵਿੱਚੋਂ ਆਉਂਦਾ ਹੈ। ਜਦੋਂ ਹਿਮਾਚਲ ਪ੍ਰਦੇਸ਼ ਵਿੱਚ ਵਾਰਸ਼ਾਂ ਪੈਂਦੀਆਂ ਹਨ ਤਾਂ ਪੰਜਾਬ ਵਿੱਚ ਜਿਹੜੇ ਤਿੰਨ ਦਰਿਆ ਸਤਲੁਜ, ਬਿਆਸ ਅਤੇ ਰਾਵੀ ਦਾ ਕੁਝ ਹਿੱਸਾ ਵਗਦੇ ਹਨ, ਉਨ੍ਹਾਂ ਵਿੱਚ ਬੇਸ਼ੁਮਾਰ ਪਾਣੀ ਆ ਜਾਂਦਾ ਹੈ। ਕਈ ਵਾਰ ਭਾਖੜਾ ਅਤੇ ਹੋਰ ਡੈਮਾ ਵਿੱਚੋਂ ਪਾਣੀ ਵੀ ਛੱਡਣਾ ਪੈ ਜਾਂਦਾ ਹੈ। ਬਰਸਾਤੀ ਮੌਸਮ ਵਿੱਚ ਇਨ੍ਹਾਂ ਦਰਿਆਵਾਂ ਅਤੇ ਅਨੇਕਾਂ ਨਦੀਆਂ, ਨਾਲਿਆਂ, ਚੋਆਂ ਅਤੇ ਹੋਰ ਛੋਟੇ ਮੋਟੇ ਰਸਤਿਆਂ ਰਾਹੀਂ ਪਾਣੀ ਕਹਿਰ ਦਾ ਰੂਪ ਧਾਰ ਕੇ ਪੰਜਾਬ ਦੇ ਪਿੰਡਾਂ ਅਤੇ ਸ਼ਹਿਰਾਂ ਦੀ ਤਬਾਹੀ ਕਰਦਾ ਹੈ। ਇਸ ਪ੍ਰਕਾਰ ਪੰਜਾਬ ਦੀ ਆਰਥਿਕਤਾ ਨੂੰ ਗਹਿਰੀ ਸੱਟ ਵੱਜਦੀ ਹੈ। ਪੰਜਾਬੀ ਹਰ ਸਾਲ ਇਨ੍ਹਾਂ ਹੜ੍ਹਾਂ ਦਾ ਸੰਤਾਪ ਭੋਗਦੇ ਹਨ। ਬਹੁਤਾ ਪਿੰਡਾਂ ਦਾ ਨੁਕਸਾਨ ਹੁੰਦਾ ਹੈ ਕਿਉਂਕਿ ਇਹ ਦਰਿਆ ਅਤੇ ਨਦੀਆਂ ਨਾਲੇ ਪਿੰਡਾਂ ਵਿੱਚੋਂ ਲੰਘਦੇ ਹਨ ਪ੍ਰੰਤੂ ਕਈ ਸ਼ਹਿਰਾਂ ਜਿਵੇਂ ਪਟਿਆਲਾ, ਮੋਹਾਲੀ, ਰੋਪੜ ਅਤੇ ਲੁਧਿਆਣਾ ਨੂੰ ਵੀ ਭਾਰੀ ਨੁਕਸਾਨ ਪਹੁੰਚਾਉਂਦੇ ਹਨ। ਪੰਜਾਬ ਵਿੱਚ ਹੁਣ ਤੱਕ 2 ਲੱਖ 40 ਹਜ਼ਾਰ ਹੈਕਟੇਅਰ ਝੋਨੇ ਦੀ ਫਸਲ ਬਰਬਾਦ ਹੋ ਗਈ ਹੈ। ਇਸ ਤੋਂ ਇਲਾਵਾ 83000 ਹੈਕਟੇਅਰ ਖ਼ਰਾਬ ਹੋਏ ਰਕਬੇ ਵਿੱਚ ਖੇਤੀਬਾੜੀ ਵਿਭਾਗ ਵਾਲੇ ਕਹਿ ਰਹੇ ਹਨ ਕਿ ਦੁਬਾਰਾ ਝੋਨਾ ਲਗਾਇਆ ਜਾ ਸਕਦਾ ਹੈ ਪ੍ਰੰਤੂ ਦੁਬਾਰਾ ਝੋਨਾ ਲਾਉਣਾ ਸੰਭਵ ਨਹੀਂ ਕਿਉਂਕਿ ਪਨੀਰੀ ਤਿਆਰ ਕਰਨ ਲਈ ਸਮਾਂ ਲੱਗਦਾ ਹੈ। ਹੋਰ ਫ਼ਸਲਾਂ ਅਤੇ ਸਬਜ਼ੀਆਂ ਵੀ ਨੁਕਸਾਨੀਆਂ ਗਈਆਂ ਹਨ।

ਲਗਪਗ 2500 ਹਜ਼ਾਰ ਲੋਕਾਂ ਨੂੰ ਹੜ੍ਹ ਵਾਲੇ ਇਲਾਕਿਆਂ ਵਿੱਚੋਂ ਕੱਢ ਕੇ ਸੁਰੱਖਿਅਤ ਥਾਵਾਂ ਤੇ ਪਹੁੰਚਾਇਆ ਗਿਆ ਹੈ। 35 ਲੋਕ ਆਪਣੀਆਂ ਜਾਨਾ ਗੁਆ ਚੁੱਕੇ ਹਨ। ਹੜ੍ਹਾਂ ਨਾਲ 1390 ਪਿੰਡਾਂ ਅਤੇ ਸ਼ਹਿਰਾਂ ਵਿੱਚ ਨੁਕਸਾਨ ਹੋਇਆ ਹੈ। ਇਸ ਨੁਕਸਾਨ ਦੀ ਭਰਪਾਈ ਤਾਂ ਅਸੰਭਵ ਹੈ।

ਅਜਿਹੇ ਹਾਲਾਤ ਵਿੱਚ ਸਰਕਾਰਾਂ ਨੇ ਤਾਂ ਆਪਣੇ ਫਰਜ਼ ਨਿਭਾਉਣੇ ਹੀ ਹੁੰਦੇ ਹਨ ਪ੍ਰੰਤੂ ਸਰਕਾਰਾਂ ਲੋਕਾਂ ਦੇ ਸਹਿਯੋਗ ਤੋਂ ਬਿਨਾ ਸਫ਼ਲ ਨਹੀਂ ਹੋ ਸਕਦੀਆਂ। ਪੰਜਾਬ ਦੀ ਬਹੁਤੀ ਆਬਾਦੀ ਅਜੇ ਵੀ ਪਿੰਡਾਂ ਵਿੱਚ ਵਸਦੀ ਹੈ। ਪਿੰਡਾਂ ਦੇ ਲੋਕਾਂ ਦੀਆਂ ਫ਼ਸਲਾਂ ਖਾਸ ਤੌਰ ਤੇ ਜੀਰੀਆਂ ਪਾਣੀ ਵਿੱਚ ਡੁੱਬ ਕੇ ਤਬਾਹ ਹੋ ਗਈਆਂ ਹਨ। ਪਿੰਡਾਂ ਦੇ ਲੋਕ ਆਪਣੇ ਹੋਏ ਨੁਕਸਾਨ ਦੀ ਪ੍ਰਵਾਹ ਨਾ ਕਰਦੇ ਹੋਏ ਆਪਣੀਆਂ ਜਾਨਾ ਤਲੀ ‘ਤੇ ਧਰ ਕੇ ਸ਼ਹਿਰਾਂ ਵਾਲਿਆਂ ਦੀ ਮਦਦ ਲਈ ਆ ਗਏ ਹਨ। ਬਿਜਲੀ ਤੇ ਪਾਣੀ ਦੇ ਬੰਦ ਹੋਣ ਕਰਕੇ ਸ਼ਹਿਰਾਂ ਦੀਆਂ ਹੜ੍ਹਾਂ ਤੋਂ




ਪ੍ਰਭਾਵਤ ਕਾਲੋਨੀਆਂ ਅਤੇ ਪਿੰਡਾਂ ਵਿੱਚ ਫਸੇ ਹੋਏ ਬੱਚੇ, ਬੁਜ਼ਰਗ, ਇਸਤਰੀਆਂ ਪਾਣੀ ਅਤੇ ਖਾਣ ਪੀਣ ਦੇ ਸਮਾਨ ਲਈ ਤਰਸ ਰਹੇ ਸਨ। ਹਾਹਾਕਰ ਮੱਚੀ ਹੋਈ ਸੀ, ਬੱਚੇ ਦੁੱਧ ਅਤੇ ਪਾਣੀ ਕਰਕੇ ਕੁਰਲਾ ਰਹੇ ਸਨ। ਸ਼ਹਿਰਾਂ ਵਾਲੇ ਲੋਕ ਬਹੁਤੀ ਮੁਸੀਬਤ ਝੱਲ ਵੀ ਨਹੀਂ ਸਕਦੇ ਪ੍ਰੰਤੂ ਪਾਣੀ ਦਾ ਕਹਿਰ ਤਾਂ ਮੌਤ ਦੇ ਰੂਪ ਵਿੱਚ ਦਸਤਕ ਦੇ ਰਿਹਾ ਸੀ। ਪਟਿਆਲਾ ਦੀ ਪੋਸ਼ ਕਾਲੋਨੀ ਅਰਬਨ ਅਸਟੇਟ-1 ਅਤੇ 2 ਵਿੱਚ 10 ਜੁਲਾਈ ਦੀ ਸ਼ਾਮ ਨੂੰ ਪਾਣੀ ਆਇਆ ਸੀ ਪ੍ਰੰਤੂ ਪਿੰਡਾਂ ਦੇ ਲੋਕ ਸੂਰਜ ਦੀ ਟਿੱਕੀ ਨਿਕਲਦਿਆਂ ਹੀ ਦੁੱਧ, ਪਾਣੀ, ਡਬਲ ਰੋਟੀ, ਬਿਸਕੁਟ ਅਤੇ ਲੰਗਰ ਲੈ ਕੇ ਪਹੁੰਚ ਗਏ। ਇਸ ਤੋਂ ਪੰਜਾਬੀਆਂ ਦੀ ਦ੍ਰਿੜ੍ਹਤਾ, ਸੇਵਾ ਭਾਵਨਾ, ਸਰਬੱਤ ਦੇ ਭਲੇ ਅਤੇ ਇਨਸਾਨੀਅਤ ਦੀ ਕਦਰ ਦੀ ਬਿਹਤਰੀਨ ਪ੍ਰਵਿਰਤੀ ਸ਼ਪਸ਼ਟ ਹੁੰਦੀ ਹੈ। ਪੰਜਾਬੀਆਂ ਖਾਸ ਤੌਰ ‘ਤੇ ਪਿੰਡਾਂ ਵਾਲੇ ਲੋਕਾਂ ਅਤੇ ਸਵੈ ਇੱਛਤ ਅਤੇ ਸਿੱਖ ਅਤੇ ਹੋਰ ਸੰਸਥਾਵਾਂ ਦੇ ਨੁਮਾਇੰਦਿਆਂ ਦੇ ਵਾਰੇ ਵਾਰੇ ਜਾਈਏ ਜਿਹੜੇ ਆਪ ਇਨ੍ਹਾਂ ਹੜ੍ਹਾਂ ਦਾ ਪ੍ਰਕੋਪ ਹੰਢਾਉਂਦੇ ਹੋਏ, ਆਪਣਾ ਸਾਰਾ ਕੁਝ ਗੁਆਉਣ ਦੇ ਬਾਵਜੂਦ ਸ਼ਹਿਰਾਂ ਦੇ ਲੋਕਾਂ ਦੀ ਮਦਦ ਲਈ ਆ ਬਹੁੜਦੇ ਹਨ।

ਸੇਵਾ ਦੇ ਪੁੰਜ ਇਹ ਪਿੰਡਾਂ ਵਾਲੇ ਲੋਕ ਆਪਣੇ ਟ੍ਰੈਕਟਰਾਂ ਟਰਾਲੀਆਂ ਤੇ ਲੰਗਰ, ਦੁੱਧ ਅਤੇ ਪਾਣੀ ਲੈ ਕੇ ਡੂੰਘੇ ਹੜ੍ਹ ਦੇ ਪਾਣੀਆਂ ਵਿੱਚ ਆਪਣੀਆਂ ਜਾਨਾ ਦੀ ਪ੍ਰਵਾਹ ਨਾ ਕਰਦਿਆਂ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਪਵਿਤਰ ਵਿਚਾਰਧਾਰਾ ਸਰਬੱਤ ਦੇ ਭਲੇ ਦੀ ਪਾਲਣਾ ਕਰਦਿਆਂ ਲੋਕਾਂ ਨੂੰ ਉਨ੍ਹਾਂ ਦੇ ਘਰਾਂ ਵਿਚ ਵਰਤਾਉਂਦੇ ਵੇਖੇ ਗਏ। ਮੋਮ ਬੱਤੀਆਂ ਅਤੇ ਮੱਛਰ ਤੋਂ ਬਚਾਅ ਲਈ ਮੱਛਰਦਾਨੀਆਂ ਵੀ ਤਕਸੀਮ ਕੀਤੀਆਂ ਗਈਆਂ। ਗਲੀਆਂ ਵਿੱਚ ਆਵਾਜ਼ਾਂ ਮਾਰ ਕੇ ਲੋਕਾਂ ਨੂੰ ਘਰਾਂ ਵਿੱਚੋਂ ਬੁਲਾ ਕੇ ਖਾਣ ਪੀਣ ਦਾ ਸਾਮਾਨ ਤਕਸੀਮ ਕਰਦੇ ਰਹੇ ਹਨ। ਸਿੱਖ ਧਰਮ ਅਤੇ ਸਿੱਖੀ ਇਕ ਸੋਚ ਦਾ ਨਾਮ ਹੈ। ਸਦਭਾਵਨਾ, ਸਰਬੱਤ ਦੇ ਭਲੇ ਅਤੇ ਸਭੇ ਸਾਂਝਵਾਲ ਸਦਾਇਨ ਦੀ ਵਿਚਾਰਧਾਰਾ ‘ਤੇ ਪਹਿਰਾ ਦਿੰਦੀ ਹੈ। ਜਿਵੇਂ ਭਾਈ ਘਨਈਆ ਚਮਕੌਰ ਦੀ ਲੜਾਈ ਦੇ ਮੈਦਾਨ ਵਿੱਚ ਦੁਸ਼ਮਣਾ ਨੂੰ ਪਾਣੀ ਪਿਲਾ ਰਿਹਾ ਸੀ, ਉਸੇ ਤਰ੍ਹਾਂ ਪਿੰਡਾਂ ਦੇ ਲੋਕ ਉਨ੍ਹਾਂ ਲੋਕਾਂ ਨੂੰ ਲੰਗਰ ਪਹੁੰਚਾ ਰਹੇ ਸਨ। ਇਹ ਲੋਕ ਘਨਈਆ ਦੇ ਵਾਰਸ ਹਨ। ਇਨ੍ਹਾਂ ਲੋਕਾਂ ਦੀ ਸਮਰਪਣ ਭਾਵਨਾ ਅੱਗੇ ਸਿਰ ਝੁਕ ਰਹੇ ਸਨ। ਉਹ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਵਾਰਸ ਬਣਕੇ ਵਿਚਰਦੇ ਰਹੇ। ਇਨ੍ਹਾਂ ਦੇ ਜ਼ਜ਼ਬੇ ਨੂੰ ਸਲਾਮ ਕਰਨੀ ਬਣਦੀ ਹੈ। ਇਨ੍ਹਾਂ ਨੇ ਸਮਾਜ ਦੇ ਸਾਰੇ ਵਰਗਾਂ ਦੇ ਹਿੱਤਾਂ ਦੀ ਪੂਰਤੀ ਕੀਤੀ ਹੈ, ਇਸ ਕਰਕੇ ਲੋਕ ਇਨ੍ਹਾਂ ਲੋਕਾਂ ਅਤੇ ਸੰਸਥਾਵਾਂ ਦੀ ਸਲਾਘਾ ਕਰਦੇ ਥੱਕਦੇ ਨਹੀਂ। ਹਰ ਪਾਸੇ ਇਨ੍ਹਾਂ ਦੀ ਪ੍ਰਸੰਸਾ ਹੋ ਰਹੀ ਹੈ। ਇਸ ਤੋਂ ਸ਼ਪਸ਼ਟ ਹੋ ਰਿਹਾ ਸੀ ਕਿ ਇਨਸਾਨ ਹੀ ਇਨਸਾਨ ਦੀ ਮੁਸੀਬਤ ਵਿੱਚ ਦਾਰੂ ਬਣਦਾ ਹੈ। ਜਿਥੇ ਪ੍ਰਸ਼ਾਸ਼ਨ ਦੀਆਂ ਕਿਸ਼ਤੀਆਂ ਵੀ ਪਹੁੰਚ ਨਹੀਂ ਸਕੀਆਂ, ਉਨ੍ਹਾਂ ਥਾਵਾਂ ਤੇ ਇਹ ਲੋਕ ਟ੍ਰੈਕਟਰਾਂ ‘ਤੇ ਪਹੁੰਚੇ ਹਨ। ਲੋਕਾਂ ਦੀ ਸੰਕਟਮਈ ਸਥਿਤੀ ਵਿੱਚ ਇਹ ਲੋਕ ਸੰਕਟ ਮੋਚਨ ਸਾਬਤ ਹੋਏ ਹਨ। ਇਸੇ ਤਰ੍ਹਾਂ ਸਮਾਜ ਸੇਵੀ ਸੰਸਥਾਵਾਂ ਹੜ੍ਹਾਂ ਤੋਂ ਪ੍ਰਭਾਵਤ ਇਲਾਕਿਆਂ ਵਿੱਚ ਸਥਾਨਕ ਪ੍ਰਸ਼ਾਸ਼ਨ ਨਾਲ ਤਾਲਮੇਲ ਕਰਕੇ ਮੈਡੀਕਲ ਕੈਂਪ ਲਗਾ ਕੇ ਮੁਫ਼ਤ ਦਵਾਈਆਂ ਦੇ ਰਹੀਆਂ ਹਨ। ਏਥੇ ਹੀ ਬਸ ਨਹੀਂ ਸਾਫ ਸਫ਼ਾਈ ਦਾ ਪ੍ਰਬੰਧ ਕਰਨ ਵਿੱਚ ਵੀ ਜੁੱਟ ਗਏ ਹਨ।

ਨਦੀਆਂ, ਨਾਲਿਆਂ ਅਤੇ ਰਜਵਾਹਿਆਂ ਵਿੱਚ ਪਏ ਪਾੜਾਂ ਨੂੰ ਵਰ੍ਹਦੇ ਮੀਂਹ ਅਤੇ ਤੇਜ ਪਾਣੀ ਦੇ ਵਹਾਓ ਦਰਮਿਆਨ ਬੰਧ ਲਗਾ ਰਹੇ ਹਨ। ਕਦੀ ਸਮਾਂ ਸੀ ਇਨ੍ਹਾਂ ਲੋਕਾਂ ਨੂੰ ਅਤਵਾਦੀ ਅਤੇ ਵਖਵਾਦੀ ਕਹਿ ਕੇ ਗਰਦਾਨਿਆਂ ਜਾ ਰਿਹਾ ਸੀ। ਉਹ ਲੋਕ ਸੇਵਾ ਦਾ ਨਮੂਨਾ ਬਣਕੇ ਵਿਚਰ ਰਹੇ ਹਨ। ਜਿਹੜੇ ਪਿੰਡਾਂ ਵਾਲਿਆਂ ਨੂੰ ਗਵਾਰ ਕਹਿੰਦੇ ਸਨ, ਦਫ਼ਤਰਾਂ ਵਿੱਚ ਜਾਇਜ਼ ਕੰਮਾ ਅਤੇ ਦੁਕਾਨਾਂ ‘ਤੇ ਸਾਜੋ ਸਾਮਾਨ ਲੈਣ ਲਈ ਆਇਆਂ ਦੀ ਛਿੱਲ ਲਾਹੁੰਦੇ ਸਨ, ਉਹ ਪਿੰਡਾਂ ਵਾਲੇ ਉਨ੍ਹਾਂ ਦੀ ਦੁੱਖ ਦੀ ਘੜੀ ਵਿੱਚ ਸਹਾਇਤਾ ਕਰਕੇ ਖ਼ੁਸ਼ੀ ਤੇ ਸੰਤੁਸ਼ਟੀ ਮਹਿਸੂਸ ਕਰ ਰਹੇ ਸਨ। ਇਹੋ ਹੀ ਇਨਸਾਨੀਅਤ ਹੁੰਦੀ ਹੈ। ਇਥੇ ਹੀ ਬਸ ਨਹੀਂ ਉਹ ਪ੍ਰਭਾਵਤ ਇਲਾਕਿਆਂ ਦੇ ਪਸ਼ੂਆਂ ਲਈ ਹਰਾ ਚਾਰਾ ਅਤੇ ਮੱਕੀ ਦਾ ਅਚਾਰ ਟਰੱਕਾਂ ਟਰਾਲੀਆਂ ਵਿੱਚ ਲੈ ਕੇ ਪਹੁੰਚ ਗਏ। ਸਤਲੁਜ, ਬਿਆਸ, ਰਾਵੀ, ਘੱਗਰ, ਮਾਰਕੰਡਾ, ਟਾਂਗਰੀ ਵਿੱਚ ਜਿਹੜੇ ਪਾੜ ਪਏ ਸਨ, ਉਨ੍ਹਾਂ ਪਾੜਾਂ ਨੂੰ ਭਰਨ ਲਈ ਸਰਕਾਰੀ ਮਸ਼ੀਨਰੀ ਦੀ ਮਦਦ ਨਾਲ ਪਾੜ ਬੰਦ ਕੀਤੇ। ਬਿਜਲੀ ਦੇ ਜਿਨ੍ਹਾਂ ਗਰਿਡਾਂ ਵਿੱਚ ਪਾਣੀ ਵੜ ਗਿਆ ਉਨ੍ਹਾਂ ਵਿੱਚੋਂ ਪਾਣੀ ਬਾਹਰ ਨਿਕਾਲਿਆ ਅਤੇ ਕਈ ਗਰਿਡਾਂ ਵਿੱਚ ਪਾਣੀ ਵੜਨ ਤੋਂ ਰੋਕਣ ਲਈ ਬੰਧ ਬਣਾਏ। ਪਟਿਆਲਾ ਵਿਖੇ ਕੁਝ ਮਕੈਨਕਾਂ ਨੇ ਹੜ੍ਹਾਂ ਤੋਂ ਪ੍ਰਭਾਵਤ ਇਲਾਕਿਆਂ ਵਿੱਚ ਨੁਕਸਾਨੀਆਂ ਗਈਆਂ ਕਾਰਾਂ, ਦੋਪਹੀਆ ਸਕੂਟਰਾਂ, ਮੋਟਰ ਸਾਈਕਲਾਂ ਅਤੇ ਕਪੜੇ ਧੋਣ ਵਾਲੀਆਂ ਮਸ਼ੀਨਾ ਦੀ ਉਨ੍ਹਾਂ ਦੇ ਘਰਾਂ ਵਿੱਚ ਜਾ ਕੇ ਮੁੱਫ਼ਤ ਮੁਰੰਮਤ ਕੀਤੀ। ਸਾਰੀਆਂ ਹੀ ਸਿਆਸੀ ਪਾਰਟੀਆਂ ਕੁਦਰਤ ਦੀ ਕਰੋਪੀ ਤੇ ਸਿਆਸਤ ਕਰਕੇ ਸਿਆਸੀ ਲਾਹਾ ਲੈਣ ਵਿੱਚ ਜੁਟੀਆਂ ਰਹੀਆਂ। ਕੁਝ ਕੁ ਵਿਅਕਤੀ ਸਵੈ ਇੱਛਤ ਸੰਸਥਾਵਾਂ ਦੇ ਨਾਮ ਤੇ ਫੋਟੋਆਂ ਖਿਚਵਾ ਕੇ ਸ਼ੋਸ਼ਲ ਮੀਡੀਆ ਰਾਹੀਂ ਆਪੋ ਆਪਣਾ ਪ੍ਰਚਾਰ ਕਰਦੀਆਂ ਵੀ ਵੇਖੀਆਂ ਗਈਆਂ।

ਪੰਜਾਬੀਆਂ ਦੀ ਸੇਵਾ ਭਾਵਨਾ ਵੇਖਣ ਵਾਲੀ ਹੈ। ਸ਼ਾਲਾ ! ਇਨ੍ਹਾਂ ਵਿੱਚ ਇਹ ਭਾਵਨਾ ਪ੍ਰਜਵਲਤ ਰਹੇ ਤੇ ਲੋਕਾਈ ਦੀ ਸੇਵਾ ਕਰਦੇ ਰਹਿਣ।


VENUE
HEART LAKE CONVERSATION PARK
SITE - LAKEMOUNT 4
Address: 10818 Heart Lake Rd,
Brampton, ON L6Z 0B3



Samrai Picnic
AUGUST 6, 2023

ਪਿੰਡ ਸਮਰਾਏ ਦੇ ਵਾਸੀਆਂ ਵਲੋਂ
6 ਅਗਸਤ ਨੂੰ ਪਿਕਨਿੱਕ

ਪਿੰਡ ਸਮਰਾਏ ਦੇ ਸਮੂਹ ਵਾਸੀਆਂ ਵਲੋਂ ਆਪਣੀ ਸਲਾਨਾ ਪਿਕਨਿਕ **06** ਅਗਸਤ ਦਿਨ ਐਤਵਾਰ ਨੂੰ ਹਾਰਟ ਲੇਕ ਕੰਜ਼ੂਵੇਸ਼ਨ ਪਾਰਕ ਵਿਖੇ ਠੀਕ ਦੁਪਿਹਰ 11 ਵਜ ਤੋਂ ਸ਼ਾਮ 6 ਵਜੇ ਤੱਕ ਮਨਾਈ ਜਾ ਰਹੀ ਹੈ। ਇਸ ਦੌਰਾਨ ਬੱਚਿਆਂ ਦੀਆਂ ਖੇਡਾਂ ਅਤੇ ਹੋਰ ਮਨੋਰੰਜਕ ਖੇਡਾਂ ਕਰਵਾਈਆਂ ਜਾਣਗੀਆਂ ਜਿਹਨਾਂ ਵਿਚ ਲੇਡੀਜ਼ ਲਈ 50 ਮੀਟਰ ਦੌੜ, ਬੋਰੀ ਰੇਸ ਅਤੇ ਤਿੰਨ ਟੰਗੀ ਰੇਸ ਵੀ ਸ਼ਾਮਲ ਹਨ। ਪ੍ਰਬੰਧਕਾਂ ਵਲੋਂ ਜੀਟੀਏ ਵਿਚ ਵੱਸਦੇ ਸਮੂਹ ਸਮਰਾਏ ਪਿੰਡ ਵਾਸੀਆਂ ਨੂੰ ਬੇਨਤੀ ਹੈ ਕਿ ਉਹ ਪਰਿਵਾਰਾਂ ਸਮੇਤ ਇਸ ਪਰਿਵਾਰਕ ਪਿਕਨਿਕ ਵਿਚ ਸ਼ਾਮਲ ਹੋਣ ਅਤੇ ਆਪਣੇ ਪਿੰਡ ਨਾਲ ਜੁੜੀਆਂ ਯਾਦਾਂ ਨੂੰ ਤਾਜਾ ਕਰਨ।



People of Village. Samrai has organised a Picnic on **August 06, 2023, Sunday from 11 am to 6 pm.**
In the park various activities will be played such as **50 meter race, sack race, 3-legged race.**
We request you to accompany your childrens, parents, grandparents with you to recall old memories.

ਪਿਕਨਿੱਕ ਬਾਰੇ ਜਿਆਦਾ ਜਾਨਕਾਰੀ ਲਈ ਸੁਰਜੀਤ ਸਮਰਾ 289-828-2117, ਅਮਰਜੀਤ ਸਮਰਾ 416-939-8292 ਜਾਂ ਮੋਹੀਂਦਰ ਸਮਰਾ 416-271-8477 ਨੂੰ ਸੰਪਰਕ ਕੀਤਾ ਜਾ ਸਕਦਾ ਹੇ।



Office: 416-654-1010


Sutton

Sutton Group Security Real Estate Brokerage
2700 Dufferin St #47, Toronto ON M6B4J3



“For all your real estate needs”

Anabela Serra
Sales Representative
416-400-5825
anabelserra75@gmail.com




$1,149,000

98 JOHN ST E
Bradford West Gwillimbury, Ontario L3Z1G4

A 5-Plex on a Premium lot of 54 x 148*. Lovely stucco & vinyl multiplex in the heart of Bradford. Annual Gross Income is Approx $60,000. Located on a quiet residential street that is close to schools, shopping, restaurants & entertainment. Easy access to the highway for commuters


97 JOHN ST E
Bradford West Gwillimbury, Ontario L3Z2B5



$1,089,000

A charming, well-maintained detached house that's been converted into 4 units; One 2 bedroom unit and three 1 bedroom units. This property sits on a premium lot 50X148 with a large backyard and a large storage shed shared by tenants. Easily convert back to a single family home. All units are currently rented on a month-to-month tenancy.


103 JOHN ST W
Bradford West Gwillimbury, Ontario L3Z2A8



$799,000

**3 UNITS** Lovely semi detached in the heart of Bradford. One 2 bedroom unit, One 1 bedroom unit and 1 bachelor. Annual Gross Income Is Approx $41,000(Gross). Lots Of Parking, Quiet Residential Street Close To Shopping, Restaurants, Schools And Entertainment. Huge Lot 36Ft X 167 Ft. All tenants on a month-to-month tenancy.

6273 YONGE ST
Innisfil, Ontario L0L1K0



$799,000

Great opportunity to own a 4-plex with a monthly income of $4654.00. This property features 3 two bedroom units and one 1 bedroom unit. New septic system was installed in 2021. The tenants would like to stay if possible. Location is on the bus route and minutes to Barrie or Bradford. EXTRA: All existing appliances, all ELFs, Coin operated washer and dryer.

2217 VICTORIA ST
Innisfil, Ontario L9S1A8



$499,000

Ideal building lot dream home steps to the beach. Or Perfect Starter Home Or Investment Property In Village Of Stroud. Home Is Located Minutes From The Go Bus Stop And A Short Walk From Stores And All Amenities. Features Include Gas Furnace 2014, Steel Roof 2014, Plumbing And Wiring 2014, Electrical Panel 2014. A Short Drive To Lake Simcoe.







FRESH & LARGE VARIETY
Bread, Dairy & Eggs
Branded Foods
Fruits & Vegetables
Beverages & Confectionery
Grocery & Staples
Sweet & Samosas

**SERVING FROM ALL LOCATIONS IN GTA AREA:**

10 Westmore Drive
Etobicoke ON M9V-3Z7
416-740-3262

21 Lacoste Blvd,
Brampton, ON L6P 2K2
905 794-8109

621 Wanless drive, # 122
Brampton ON L7A 0A9
905-495-3336

1075 Ceremonial Drive
Mississauga ON L5R 2Z4
905-502-1600

80 Pertosa Drive
Brampton ON L5X-5E9
905-460-0009

10510 Torbram Road,
Brampton
905-790-0030

2120 North park Drive
Brampton ON L6S 0C9
905-793-1338

10 Pannahill Dr,
Brampton
905 913-8017